GARY'S
ANY 2 LARGE PIZZAS
ANY 2 EX LARGE PIZZAS
37 Western Road, Southall
020 8571 3311

PANJAB TIMES
Free
# ਪੰਜਾਬ ਟਾਈਮਜ਼
ਪੰਜਾਬੀਆਂ ਦੇ ਹੱਕਾਂ ਦਾ ਪਹਿਰੇਦਾਰ
Free Edition | 20 March, 2024
Europe's Leading Panjabi Weekly Since 1965

IMMIGRATION ADVICE BUREAU
FOR FREE INITIAL ADVICE
S.S.RAI

Tel: 020 8571 6680

Panjab Times, Bridle Gate Lane, Derby, DE24 0QW (UK) • Tel: 01332 372851 or 07966 388388 • www.panjabtimes.uk • Email: panjabtimes@aol.com



## ਮੂਸੇਵਾਲਾ ਦੇ ਬਾਪੂ ਬਲਕੌਰ ਸਿੰਘ ਬੋਲੇ

# ਬੱਚੇ ਨੂੰ ਲੀਗਲ ਸਾਬਿਤ ਕਰਨ ਲਈ ਮੇਰੇ ਤੋਂ ਮੰਗੇ ਜਾ ਰਹੇ ਦਸਤਾਵੇਜ਼

ਮਰਹੂਮ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਨੇ ਸੋਸ਼ਲ ਮੀਡੀਆ 'ਤੇ ਪੋਸਟ ਸ਼ੇਅਰ ਕੀਤੀ ਹੈ। ਮੰਗਲਵਾਰ ਨੂੰ ਬਲਕੌਰ ਸਿੰਘ ਨੇ ਇੰਸਟਾਗ੍ਰਾਮ 'ਤੇ ਪੋਸਟ ਸ਼ੇਅਰ ਕਰਦੇ ਹੋਏ ਕਿਹਾ, "ਵਾਹਿਗੁਰੂ ਦੀ ਮੇਹਰ ਸਦਕਾ, ਸਾਨੂੰ ਸਾਡਾ ਸ਼ੁਭਦੀਪ (ਮਰਹੂਮ ਗਾਇਕ ਸਿੱਧੂ ਮੂਸੇਵਾਲਾ ਦਾ ਨਾਮ) ਵਾਪਸ ਮਿਲ ਗਿਆ ਹੈ। ਮੈਨੂੰ ਬੱਚੇ ਦੇ ਦਸਤਾਵੇਜ਼ ਪੇਸ਼ ਕਰਨ ਲਈ ਕਿਹਾ ਜਾ ਰਿਹਾ ਹੈ, ਕਿ ਬੱਚਾ ਲੀਗਲ ਹੈ ਇਹ ਸਾਬਤ ਕੀਤਾ ਜਾਵੇ।"


ਬਲਕੌਰ ਸਿੰਘ ਨੇ ਕਿਹਾ ਕਿ ਪਤਨੀ ਚਰਨ ਕੌਰ ਦੇ ਸਾਰੇ ਇਲਾਜ ਮੁਕੰਮਲ ਹੋ ਜਾਣ, ਜਿੱਥੇ ਵੀ ਮੈਨੂੰ ਪੁੱਛਗਿੱਛ ਲਈ ਬੁਲਾਇਆ ਜਾਏਗਾ, ਮੈਂ ਆਵਾਂਗਾ। ਬਲਕੌਰ ਸਿੰਘ ਨੇ ਇਹ ਵੀ ਕਿਹਾ ਕਿ ਉਨ੍ਹਾਂ ਨੇ ਸਾਰੀਆਂ ਕਾਨੂੰਨੀ ਪ੍ਰਕਿਰਿਆਵਾਂ ਦੀ ਪਾਲਣਾ ਕੀਤੀ ਹੈ ਅਤੇ ਜਲਦੀ ਹੀ ਸਾਰੇ ਦਸਤਾਵੇਜ਼ ਸੌਂਪ ਦੇਣਗੇ।



ਤੁਹਾਨੂੰ ਦੱਸ ਦੇਈਏ ਕਿ ਬਲਕੌਰ ਸਿੰਘ ਅਤੇ ਚਰਨ ਕੌਰ ਸਿੰਘ ਨੇ ਬੱਚੇ ਨੂੰ ਜਨਮ ਦੇਣ ਲਈ IVF (ਇਨ ਵਿਟਰੋ ਫਰਟੀਲਾਈਜ਼ੇਸ਼ਨ) ਦੀ ਵਰਤੋਂ ਕੀਤੀ ਹੈ। ਹਾਲਾਂਕਿ ਬਲਕੌਰ ਸਿੰਘ ਨੇ ਇਸ ਦਾ ਜ਼ਿਕਰ ਨਹੀਂ ਕੀਤਾ।

ਦਰਅਸਲ, ਤਿੰਨ ਸਾਲ ਪਹਿਲਾਂ ਸਰਕਾਰ ਨੇ ਅਸਿਸਟਡ ਰੀਪ੍ਰੋਡਕਟਿਵ ਟੈਕਨਾਲੋਜੀ (ਰੈਗੂਲੇਸ਼ਨ) ਐਕਟ ਲਿਆਂਦਾ ਸੀ। ਇਸ ਐਕਟ ਰਾਹੀਂ ਸਰਕਾਰ ਨੇ IVF ਪ੍ਰਕਿਰਿਆ ਲਈ ਉਮਰ ਸੀਮਾ ਤੈਅ ਕੀਤੀ ਸੀ। ਐਕਟ ਦੇ ਤਹਿਤ ਸਿਰਫ 21-50 ਸਾਲ ਦੀ ਉਮਰ ਦੀਆਂ ਔਰਤਾਂ ਅਤੇ 21-55 ਸਾਲ ਦੀ ਉਮਰ ਦੇ ਪੁਰਸ਼ ਆਈਵੀਐਫ ਦੀ ਵਰਤੋਂ ਕਰ ਸਕਦੇ ਹਨ। ਪਰ ਇੰਟਰਨੈੱਟ 'ਤੇ ਸਿੱਧੂ ਮੂਸੇਵਾਲਾ ਦੀ ਮਾਂ ਦੀ ਉਮਰ 58 ਸਾਲ ਦੱਸੀ ਜਾ ਰਹੀ ਹੈ। ਇਸ ਦੇ ਚੱਲਦਿਆਂ ਕੇਂਦਰ ਸਰਕਾਰ ਨੇ ਪੰਜਾਬ ਸਰਕਾਰ ਤੋਂ ਜਵਾਬ ਮੰਗਿਆ ਹੈ।

## ਅਸੀਂ ਮੂਸੇਵਾਲਾ ਪਰਿਵਾਰ ਨੂੰ ਕੋਈ ਚਿੱਠੀ ਨਹੀਂ ਕੱਢੀ : ਸਿਹਤ ਮੰਤਰੀ



ਚੰਡੀਗੜ੍ਹ : ਅੱਜ ਪੰਜਾਬ ਦੇ ਸਿਹਤ ਮੰਤਰੀ ਨੇ ਸਥਿਤੀ ਸਾਫ਼ ਕਰਦਿਆਂ ਕਿਹਾ ਕਿ, ਅਸੀਂ ਸਿੱਧੂ ਮੂਸੇਵਾਲਾ ਦੇ ਪਰਿਵਾਰ ਨੂੰ ਕੋਈ ਚਿੱਠੀ ਨਹੀਂ ਭੇਜੀ ਇਹ ਕੇਂਦਰ ਸਰਕਾਰ ਦੀਆਂ ਚਾਲਾਂ ਹਨ। ਕੇਂਦਰ ਸਰਕਾਰ ਆਪ ਚਿੱਠੀ ਕੱਢ ਕੇ ਸਾਨੂੰ ਬਦਨਾਮ ਕਰਨਾ ਚਾਹੁੰਦੀ ਹੈ। ਡਾ ਬਲਬੀਰ ਸਿੰਘ ਨੇ ਕਿਹਾ ਕਿ ਅਸੀਂ ਤਾਂ ਮੂਸੇਵਾਲਾ ਪਰਿਵਾਰ ਨੂੰ ਸਗੋਂ ਵਧਾਈ ਦਿੰਦੇ ਹਾਂ।

## ਸਰਕਾਰ ਵਲੋਂ ਮੂਸੇਵਾਲਾ ਦੇ ਪਰਿਵਾਰ ਨੂੰ ਤੰਗ-ਪ੍ਰੇਸ਼ਾਨ ਨਹੀਂ ਕਰਨ ਦੇਵਾਂਗੇ : ਵੜਿੰਗ

ਚੰਡੀਗੜ੍ਹ : ਇੱਕ ਅਧਿਕਾਰਤ ਬਿਆਨ ਵਿੱਚ, ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਆਈਵੀਐਫ ਇਲਾਜ ਦੁਆਰਾ ਸ. ਬਲਕੌਰ ਸਿੰਘ ਅਤੇ ਚਰਨ ਕੌਰ ਜੀ ਦੇ ਨਵਜੰਮੇ ਬੱਚੇ ਦੇ ਹਾਲ ਹੀ ਵਿੱਚ ਜਨਮ ਲੈਣ ਤੋਂ ਬਾਅਦ ਪੰਜਾਬ ਅਤੇ ਰਾਸ਼ਟਰੀ ਸਰਕਾਰੀ ਸੰਸਥਾਵਾਂ ਦੁਆਰਾ ਸਿੱਧੂ ਮੂਸੇਵਾਲਾ ਦੇ ਪਰਿਵਾਰ 'ਤੇ ਪਾਏ ਗਏ ਬੇਲੋੜੇ ਦਬਾਅ ਅਤੇ ਪ੍ਰੇਸ਼ਾਨੀ ਦੇ ਆਲੇ ਦੁਆਲੇ ਦੀ ਸਥਿਤੀ ਬਾਰੇ ਸੰਬੋਧਿਤ ਕੀਤਾ।

ਰਾਜਾ ਵੜਿੰਗ ਨੇ ਕਿਹਾ, "ਸਿੱਧੂ ਮੂਸੇਵਾਲਾ ਦੇ ਨਿਮਾਣੇ ਪਰਿਵਾਰ ਬਲਕੌਰ ਸਿੰਘ ਸਿੱਧੂ ਜੀ ਅਤੇ ਮਾਤਾ ਚਰਨ ਕੌਰ ਜੀ ਦੀ ਦੁਰਦਸ਼ਾ ਪੰਜਾਬ ਸਰਕਾਰ ਅਤੇ ਇਸ ਦੇ ਪ੍ਰਸ਼ਾਸਨਿਕ ਤੰਤਰ ਦੁਆਰਾ ਉਨ੍ਹਾਂ 'ਤੇ ਪਾਏ ਗਏ ਗੈਰ-ਜ਼ਰੂਰੀ ਪ੍ਰੇਸ਼ਾਨੀ ਅਤੇ ਦਬਾਅ ਦੇ ਵਿਚਕਾਰ ਡੂੰਘੀ ਨਿਰਾਸ਼ਾਜਨਕ ਹੈ ਅਤੇ ਇਸ ਪਰਿਵਾਰ ਨੇ ਕਾਫ਼ੀ ਮੁਸੀਬਤਾਂ ਝੱਲੀਆਂ ਹਨ ਅਤੇ ਅੰਤ ਵਿੱਚ ਉਹਨਾਂ ਦੇ ਨਵਜੰਮੇ ਬੱਚੇ ਦੇ ਆਉਣ ਨਾਲ ਖੁਸ਼ੀ ਦੀ ਝਲਕ ਦਾ ਅਨੁਭਵ ਕਰਨ 'ਤੇ, ਸਰਕਾਰ ਦੇ ਦਖਲ ਨਾਲ ਉਹਨਾਂ ਦੀ ਨਵੀਂ ਖੁਸ਼ੀ ਨੂੰ ਭੰਗ ਕਰਨ ਦਾ ਖ਼ਤਰਾ ਹੈ।"

ਨਿਰਾਸ਼ਾ ਜ਼ਾਹਰ ਕਰਦਿਆਂ,



ਉਹਨਾਂ ਨੇ ਅੱਗੇ ਕਿਹਾ, "ਉਨ੍ਹਾਂ ਦੇ ਪੁੱਤਰ ਦਾ ਜਨਮ ਸਮੂਹਿਕ ਖੁਸ਼ੀ ਦਾ ਪਲ ਸੀ, ਜੋ ਪੰਜਾਬ ਜਾਂ ਭਾਰਤ ਦੀ ਸੀਮਾ ਤੋਂ ਬਾਹਰ ਗੂੰਜਦਾ ਸੀ। ਹਾਲਾਂਕਿ, ਇਸ ਖੁਸ਼ੀ ਦੇ ਮੌਕੇ ਨੂੰ ਵਿਗਾੜਨ ਲਈ ਸਰਕਾਰੀ ਕੋਸ਼ਿਸ਼ਾਂ ਨੂੰ ਵੇਖਣਾ ਅਫਸੋਸਜਨਕ ਹੈ। ਬਲਕੌਰ ਸਿੰਘ ਜੀ, ਇੱਕ ਸਿਧਾਂਤਕ ਆਚਰਣ ਵਾਲੇ ਇਨਸਾਨ ਅਤੇ ਇੱਕ ਸਾਬਕਾ ਸੇਵਾਦਾਰ, ਜੋ ਕਿ ਬੇਸ਼ੱਕ ਤਿੜਢ ਪ੍ਰਕਿਰਿਆ ਨੂੰ ਨਿਯੰਤਰਿਤ ਕਰਨ ਵਾਲੇ ਸਾਰੇ ਪ੍ਰੋਟੋਕੋਲਾਂ ਦੀ ਪਾਲਣਾ ਕਰਦਾ ਹੈ। ਇਹ ਬੇਇਨਸਾਫ਼ੀ ਹੈ ਕਿ ਇਸ ਇਮਾਨਦਾਰ ਵਿਅਕਤੀ ਨੂੰ ਸਿਰਫ਼ ਸਰਕਾਰ ਦੀ ਅਯੋਗਤਾਵਾਂ 'ਤੇ ਸਵਾਲ ਖੜ੍ਹੇ ਕਰਨ, ਭਾਜਪਾ ਦੀ ਆਲੋਚਨਾ ਕਰਨ ਜਾਂ ਆਪਣੇ ਪੁੱਤਰ ਲਈ ਇਨਸਾਫ਼ ਦੀ ਮੰਗ ਕਰਨ ਲਈ ਬਦਨਾਮ ਕੀਤਾ ਗਿਆ ਹੈ।"

ਪੰਜਾਬ ਲਈ ਸਿੱਧੂ ਮੂਸੇਵਾਲਾ ਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ, ਵੜਿੰਗ ਨੇ ਕਿਹਾ, "ਸਿੱਧੂ ਮੂਸੇਵਾਲਾ ਪੰਜਾਬ ਦੇ ਮਾਣ ਦਾ ਪ੍ਰਤੀਕ ਹੈ, ਨਿਡਰਤਾ ਨਾਲ ਢੁਕਵੇਂ ਮੁੱਦਿਆਂ ਦੀ ਅਗਵਾਈ ਕਰਦਾ ਸੀ ਅਤੇ ਵਿਸ਼ਵ ਪੱਧਰ 'ਤੇ ਰਾਜ ਦੇ ਲੋਕਾਚਾਰ ਨੂੰ ਪੇਸ਼ ਕਰਦਾ ਸੀ। ਉਸ ਦੀ ਸਪਸ਼ਟਤਾ, ਭਾਵੇਂ ਐਸਵਾਈਐਲ ਨਹਿਰ ਜਾਂ ਹੋਰ ਸਬੰਧਤ ਮਾਮਲਿਆਂ ਬਾਰੇ ਚਿੰਤਾਵਾਂ ਨੂੰ ਸੰਬੋਧਿਤ ਕਰਨਾ ਹੋਵੇ, ਕੁਝ ਖਾਸ ਤੌਰ 'ਤੇ ਪੰਜਾਬ ਨੂੰ ਅਣਗੌਲਿਆ ਨਹੀਂ ਕੀਤਾ।

ਪਰਿਵਾਰ ਦੀ ਸਹਿਣਸ਼ੀਲਤਾ ਨੂੰ ਹੋਰ ਦਰਸਾਉਂਦੇ ਹੋਏ, ਪ੍ਰਦੇਸ਼ ਕਾਂਗਰਸ ਪ੍ਰਧਾਨ ਨੇ ਟਿੱਪਣੀ ਕੀਤੀ, "ਮਾਤਾ ਚਰਨ ਕੌਰ ਜੀ ਸਾਡੇ ਸਾਰਿਆਂ ਲਈ ਇੱਕ ਪ੍ਰੇਰਨਾ ਸਰੋਤ ਹਨ। ਬੱਚੇ ਦੇ ਜਨਮ ਨੇ ਸ਼ੁਭਦੀਪ ਦੇ ਦੇਹਾਂਤ ਦੇ ਦੁੱਖ ਨੂੰ ਸਹਿਣ ਤੋਂ ਬਾਅਦ ਪਰਿਵਾਰ ਦੇ ਹੌਂਸਲੇ ਨੂੰ ਤਰੋ-ਤਾਜ਼ਾ ਕੀਤਾ ਹੈ। ਕੀ ਸਰਕਾਰ ਇਸ ਮੌਕੇ 'ਤੇ ਵੀ ਆਈਵੀਐਫ ਸਰਟੀਫਿਕੇਟ ਦੀ ਮੰਗ ਕਰੇਗੀ? ਕੀ ਇਸ ਸਮੇਂ ਦੌਰਾਨ ਉਨ੍ਹਾਂ ਨੂੰ ਇਸ ਤਰ੍ਹਾਂ ਦੀ ਜਾਂਚ ਦੇ ਅਧੀਨ ਕਰਨਾ ਸਮਝਦਾਰੀ ਹੈ? ਸਰਕਾਰ ਇੰਤਜ਼ਾਰ ਕਿਉਂ ਨਹੀਂ ਕਰ ਸਕਦੀ?

# ਓਬਾਮਾ ਵੱਲੋਂ ਸੂਨਕ ਨਾਲ ਮੁਲਾਕਾਤ



ਲੰਡਨ- ਬਰਤਾਨੀਆ ਦੇ ਪ੍ਰਧਾਨ ਮੰਤਰੀ ਰਿਸ਼ੀ ਸੂਨਕ ਨੇ ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਬਰਾਕ ਓਬਾਮਾ ਨਾਲ ਹੋਈ ਗੈਰ-ਰਸਮੀ ਮੁਲਾਕਾਤ ਵਿੱਚ 'ਮਸਨੂਈ ਬੌਧਿਕਤਾ (ਏਆਈ)' ਸਮੇਤ ਹੋਰ ਕਈ ਵਿਸ਼ਿਆਂ 'ਤੇ ਗੱਲਬਾਤ ਕੀਤੀ। ਇਹ ਦੋਵਾਂ ਆਗੂਆਂ ਵਿਚਾਲੇ ਪਹਿਲੀ ਮੁਲਾਕਾਤ ਮੰਨੀ ਜਾ ਰਹੀ ਹੈ। ਓਬਾਮਾ ਨੂੰ ਸੋਮਵਾਰ ਨੂੰ 10 ਡਾਊਨਿੰਗ ਸਟ੍ਰੀਟ 'ਤੇ ਸੈਰ ਕਰਦੇ ਦੇਖਿਆ ਗਿਆ। ਇਸ ਬਾਰੇ ਇੱਕ ਅਧਿਕਾਰੀ ਨੇ ਕਿਹਾ, ''ਓਬਾਮਾ ਫਾਊਂਡੇਸ਼ਨ ਨਾਲ ਸਾਬਕਾ ਰਾਸ਼ਟਰਪਤੀ ਦੀ ਲੰਡਨ ਫੇਰੀ ਦੇ ਹਿੱਸੇ ਵਜੋਂ ਪ੍ਰਧਾਨ ਮੰਤਰੀ ਨੇ ਅੱਜ ਦੁਪਹਿਰ ਉਨ੍ਹਾਂ ਦਾ ਸਵਾਗਤ ਕੀਤਾ।'' ਤਰਜਮਾਨ ਨੇ ਦੱਸਿਆ ਕਿ ਇਸ ਦੌਰਾਨ ਉਨ੍ਹਾਂ ਨੇ ਕੌਮਾਂਤਰੀ ਮਾਮਲਿਆਂ ਅਤੇ ਮਸਨੂਈ ਬੌਧਿਕਤਾ ਸਮੇਤ ਹੋਰ ਕਈ ਮੁੱਦਿਆਂ 'ਤੇ ਵਿਚਾਰ-ਚਰਚਾ ਕੀਤੀ। ਸੂਨਕ ਦੇ ਤਰਜਮਾਨ ਨੇ ਕਿਹਾ, ''ਮੈਨੂੰ ਲੱਗਦਾ ਹੈ ਕਿ ਸਾਬਕਾ ਰਾਸ਼ਟਰਪਤੀ ਓਬਾਮਾ ਦੀ ਟੀਮ ਨੇ ਪ੍ਰਧਾਨ ਮੰਤਰੀ ਨਾਲ ਸੰਪਰਕ ਕੀਤਾ ਹੋਵੇਗਾ ਅਤੇ ਸਪੱਸ਼ਟ ਤੌਰ 'ਤੇ ਪ੍ਰਧਾਨ ਮੰਤਰੀ ਉਨ੍ਹਾਂ ਨਾਲ ਮੁਲਾਕਾਤ ਕਰ ਕੇ ਅਤੇ ਓਬਾਮਾ ਫਾਊਂਡੇਸ਼ਨ ਦੇ ਕੰਮ ਬਾਰੇ ਵਿਚਾਰ-ਚਰਚਾ ਕਰਕੇ ਬਹੁਤ ਖੁਸ਼ ਸਨ।

# ਜ਼ਰਦਾਰੀ ਦੀ ਧੀ ਆਸਿਫ਼ਾ ਨੇ ਪਾਕਿਸਤਾਨ ਦੀ ਸਿਆਸਤ ਵਿੱਚ ਕਦਮ ਰੱਖਿਆ

ਇਸਲਾਮਾਬਾਦ: ਪਾਕਿਸਤਾਨ ਦੇ ਰਾਸ਼ਟਰਪਤੀ ਆਸਿਫ਼ ਅਲੀ ਜ਼ਰਦਾਰੀ ਅਤੇ ਮਰਹੂਮ ਪ੍ਰਧਾਨ ਮੰਤਰੀ ਬੇਨਜ਼ੀਰ ਭੁੱਟੋ ਦੀ ਸਭ ਤੋਂ ਛੋਟੀ ਧੀ ਆਸਿਫ਼ਾ ਭੁੱਟੋ ਨੇ ਸਿੰਧ ਸੂਬੇ ਵਿੱਚ ਕੌਮੀ ਅਸੈਂਬਲੀ ਦੀ ਇੱਕ ਸੀਟ ਤੋਂ ਜ਼ਿਮਨੀ ਚੋਣ ਲਈ ਨਾਮਜ਼ਦਗੀ ਪੱਤਰ ਦਾਖ਼ਲ ਕਰ ਕੇ ਦੇਸ਼ ਦੀ ਉੱਥਲ-ਪੁੱਥਲ ਵਾਲੀ ਸਿਆਸਤ ਵਿੱਚ ਕਦਮ ਰੱਖਿਆ ਹੈ। ਆਸਿਫ਼ਾ ਦੇ ਪਿਤਾ ਜ਼ਰਦਾਰੀ ਦੇ ਅਸਤੀਫ਼ੇ ਮਗਰੋਂ ਸਿੰਧ ਸੂਬੇ ਵਿੱਚ ਸ਼ਹੀਦ ਬੇਨਜ਼ੀਰਾਬਾਦ ਜ਼ਿਲ੍ਹੇ ਦੀ ਐੱਨਏ-207 ਸੀਟ ਖ਼ਾਲੀ ਹੋ ਗਈ ਹੈ। 31 ਸਾਲਾ ਆਸਿਫ਼ਾ ਕੁੱਝ ਸਮੇਂ ਤੋਂ ਪਾਕਿਸਤਾਨ ਦੀ ਸਿਆਸਤ ਵਿੱਚ ਸਰਗਰਮ ਹੈ, ਪਰ ਪਾਕਿਸਤਾਨ ਪੀਪਲਜ਼ ਪਾਰਟੀ



(ਪੀਪੀਪੀ) ਦੇ ਸਹਿ-ਚੇਅਰਪਰਸਨ ਅਤੇ ਉਨ੍ਹਾਂ ਦੇ ਪਿਤਾ ਜ਼ਰਦਾਰੀ ਨੇ ਆਸਿਫ਼ਾ ਨੂੰ ਢੁਕਵੇਂ ਸਮੇਂ ਤੱਕ ਸੰਸਦੀ ਸਿਆਸਤ ਤੋਂ ਦੂਰ ਰੱਖਿਆ ਸੀ। ਆਸਿਫ਼ ਅਲੀ ਜ਼ਰਦਾਰੀ ਨੇ 10 ਮਾਰਚ ਨੂੰ ਪਾਕਿਸਤਾਨ ਦੇ 14ਵੇਂ ਰਾਸ਼ਟਰਪਤੀ ਵਜੋਂ ਹਲਫ਼ ਲਿਆ ਸੀ। ਇਸ ਸਹੁੰ-ਚੁੱਕ ਸਮਾਗਮ ਵਿੱਚ ਆਸਿਫ਼ਾ ਭੁੱਟੋ ਵੀ ਮੌਜੂਦ ਸੀ। ਆਮ ਤੌਰ 'ਤੇ ਪ੍ਰਥਮ ਮਹਿਲਾ ਦਾ ਅਹੁਦਾ ਰਾਸ਼ਟਰਪਤੀ ਦੀ ਪਤਨੀ ਕੋਲ ਹੁੰਦਾ ਹੈ। ਹੁਣ ਆਸਿਫਾ ਪਾਕਿਸਤਾਨ ਦੀ ਪ੍ਰਥਮ ਮਹਿਲਾ ਬਣੇਗੀ। ਉਨ੍ਹਾਂ ਦੇ ਪਿਤਾ ਜ਼ਰਦਾਰੀ ਨੇ ਇਹ ਸੀਟ ਜਿੱਤੀ ਸੀ ਪਰ ਰਾਸ਼ਟਰਪਤੀ ਬਣਨ ਮਗਰੋਂ ਉਨ੍ਹਾਂ ਨੇ ਇਹ ਸੀਟ ਛੱਡ ਦਿੱਤੀ ਸੀ।

# ਆਸਟਰੇਲੀਆ: ਊਬਰ ਵੱਲੋਂ ਟੈਕਸੀ ਡਰਾਈਵਰਾਂ ਨੂੰ 17.8 ਕਰੋੜ ਡਾਲਰ ਮੁਆਵਜ਼ਾ ਅਦਾ ਕਰਨ ਦਾ ਫ਼ੈਸਲਾ




ਸਿਡਨੀ- ਆਸਟਰੇਲੀਅਨ ਟੈਕਸੀ ਡਰਾਈਵਰਾਂ ਨਾਲ ਲੰਮੇ ਸਮੇਂ ਤੋਂ ਚੱਲੇ ਆ ਰਹੇ ਵਿਵਾਦ ਦੇ ਨਿਬੇੜੇ ਲਈ ਊਬਰ ਉਨ੍ਹਾਂ ਨੂੰ 27.2 ਕਰੋੜ ਆਸਟਰੇਲੀਅਨ ਡਾਲਰ (17.8 ਕਰੋੜ ਅਮਰੀਕੀ ਡਾਲਰ) ਦਾ ਮੁਆਵਜ਼ਾ ਅਦਾ ਕਰੇਗੀ। ਵਿਕਟੋਰੀਆ ਦੇ ਸੁਪਰੀਮ ਕੋਰਟ 'ਚ ਕੇਸ ਦੀ ਸੁਣਵਾਈ ਤੋਂ ਪਹਿਲਾਂ ਊਬਰ ਨੇ ਇਹ ਫ਼ੈਸਲਾ ਲਿਆ ਹੈ। ਅੱਠ ਹਜ਼ਾਰ ਟੈਕਸੀ ਅਤੇ ਹਾਇਰ ਕਾਰ ਡਰਾਈਵਰਾਂ ਦੀ ਨੁਮਾਇੰਦਗੀ ਕਰਨ ਵਾਲੇ ਮੌਰਿਸ ਬਲੈਕਬਰਨ ਕੰਪਨੀ ਦੇ ਵਕੀਲਾਂ ਨੇ ਕਿਹਾ ਕਿ ਊਬਰ ਵੱਲੋਂ ਵਿੱਤੀ ਸਮਝੌਤੇ ਲਈ ਰਾਜ਼ੀ ਹੋਣ ਕਾਰਨ ਕੇਸ ਵਾਪਸ ਲੈ ਲਿਆ ਜਾਵੇਗਾ। ਮੌਰਿਸ ਬਲੈਕਬਰਨ ਦੇ ਮੁੱਖ ਵਕੀਲ ਮਾਈਕਲ ਡੋਨੈਲੀ ਨੇ ਕਿਹਾ ਕਿ ਡਰਾਈਵਰਾਂ ਅਤੇ ਕਾਰ ਮਾਲਕਾਂ ਨੂੰ ਊਬਰ ਦੇ 2012 'ਚ ਆਸਟਰੇਲੀਆ 'ਚ ਦਾਖ਼ਲੇ ਕਾਰਨ ਭਾਰੀ ਵਿੱਤੀ ਨੁਕਸਾਨ ਹੋਇਆ ਸੀ ਅਤੇ ਕੰਪਨੀ ਮੁਆਵਜ਼ਾ ਅਦਾ ਕਰਨ ਤੋਂ ਲਗਾਤਾਰ ਬਚ ਰਹੀ ਸੀ ਪਰ ਅਦਾਲਤੀ ਕਾਰਵਾਈ ਕਾਰਨ ਹੁਣ ਉਹ ਮੁਆਵਜ਼ਾ ਦੇਣ ਲਈ ਸਹਿਮਤ ਹੋ ਗਈ ਹੈ।

# ਸੰਗਾਪੁਰ ਦੇ ਭਾਰਤੀ ਮੂਲ ਦੇ ਵਿਰੋਧੀ ਧਿਰ ਦੇ ਨੇਤਾ 'ਤੇ ਸੰਸਦੀ ਕਮੇਟੀ ਕੋਲ ਝੂਠ ਬੋਲਣ ਦਾ ਦੋਸ਼

## ਦੋਸ਼ੀ ਪਾਏ ਜਾਣ 'ਤੇ ਹੋ ਸਕਦੀ ਹੈ ਤਿੰਨ ਸਾਲ ਦੀ ਸਜ਼ਾ

ਸਿੰਗਾਪੁਰ ਦੇ ਭਾਰਤੀ ਮੂਲ ਦੇ ਵਿਰੋਧੀ ਧਿਰ ਦੇ ਨੇਤਾ ਪ੍ਰੀਤਮ ਸਿੰਘ 'ਤੇ ਅੱਜ ਇੱਕ ਸੰਸਦੀ ਕਮੇਟੀ ਸਾਹਮਣੇ ਝੂਠ ਬੋਲਣ ਦਾ ਦੋਸ਼ ਲਗਾਇਆ ਗਿਆ ਹੈ। ਵਰਕਰਜ਼ ਪਾਰਟੀ (ਡਬਲਿਊਪੀ) ਦੇ ਜਨਰਲ ਸਕੱਤਰ ਪ੍ਰੀਤਮ ਸਿੰਘ 'ਤੇ ਮਰਿਆਦਾ ਕਮੇਟੀ ਸਾਹਮਣੇ ਸਾਬਕਾ ਸੰਸਦ ਮੈਂਬਰ ਰਈਸਾ ਖਾਨ ਨਾਲ ਜੁੜੀ ਸੁਣਵਾਈ ਵਿੱਚ ਝੂਠੀ ਗਵਾਹੀ ਦੇਣ ਦਾ ਦੋਸ਼ ਹੈ। ਅੱਜ ਕਟਹਿਰੇ ਵਿੱਚ ਖੜ੍ਹੇ ਹੋ ਕੇ 47 ਸਾਲਾ ਵਿਰੋਧੀ ਧਿਰ ਦੇ ਨੇਤਾ ਨੇ ਸੰਸਦ (ਮਰਿਆਦਾ, ਬਚਾਅ, ਸ਼ਕਤੀਆਂ) ਕਾਨੂੰਨ ਦੀ ਧਾਰਾ 31 (ਕਿਊ) ਤਹਿਤ ਦੋ ਦੋਸ਼ਾਂ ਤੋਂ ਇਨਕਾਰ ਕੀਤਾ ਅਤੇ ਮੁਕੱਦਮੇ ਦਾ ਸਾਹਮਣਾ ਕਰਨ ਦੀ ਗੱਲ ਆਖੀ। ਦੋਸ਼ੀ ਪਾਏ ਜਾਣ ਦੀ ਸੂਰਤ ਵਿੱਚ ਉਨ੍ਹਾਂ ਨੂੰ ਤਿੰਨ ਸਾਲ ਤੱਕ ਦੀ ਸਜ਼ਾ ਜਾਂ ਪ੍ਰਤੀ ਦੋਸ਼ 7000 ਸਿੰਗਾਪੁਰ ਡਾਲਰ ਤੱਕ ਦਾ ਜੁਰਮਾਨਾ ਹੋ ਸਕਦਾ ਹੈ। ਉਨ੍ਹਾਂ ਨੇ



ਵਕੀਲ ਦੀ ਸੇਵਾ ਲੈਣ ਲਈ ਚਾਰ ਹਫ਼ਤੇ ਦੀ ਮੁਲਤਵੀ ਦੀ ਅਪੀਲ ਕੀਤੀ ਹੈ। ਸੁਣਵਾਈ 17 ਅਪਰੈਲ ਨੂੰ ਪ੍ਰੀ-ਕਾਨਫਰੰਸ ਨਿਰਧਾਰਿਤ ਕੀਤੀ ਗਈ ਹੈ। ਦੋਸ਼ ਪੱਤਰ ਅਨੁਸਾਰ, ਪ੍ਰੀਤਮ ਸਿੰਘ ਨੇ 10 ਦਸੰਬਰ 2021 ਨੂੰ ਝੂਠੀ ਗਵਾਹੀ ਦਿੱਤੀ ਸੀ ਕਿ 8 ਅਗਸਤ 2021 ਨੂੰ ਸਾਥੀ ਪਾਰਟੀ ਮੈਂਬਰਾਂ ਰਈਸਾ ਖ਼ਾਨ, ਸਿਲਵੀਆ ਲਿਮ ਤੇ ਫੈਜ਼ਲ ਮਨਾਪ ਨਾਲ ਇੱਕ ਮੀਟਿੰਗ ਮਗਰੋਂ, ਉਹ ਚਾਹੁੰਦੇ ਸੀ ਕਿ ਰਈਸਾ ਖਾਨ ਸੰਸਦ ਨੂੰ ਦੱਸਣ ਕਿ ਉਨ੍ਹਾਂ ਨੇ 3 ਅਗਸਤ 2021 ਨੂੰ ਸੰਸਦ ਨੂੰ ਜੋ ਕਿਹਾ ਸੀ ਉਹ ਝੂਠ ਸੀ। ਪ੍ਰੀਤਮ 'ਤੇ 10 ਦਸੰਬਰ ਅਤੇ 15 ਦਸੰਬਰ 2021 ਨੂੰ ਇਹ ਝੂਠੀ ਗਵਾਹੀ ਦੇਣ ਦਾ ਵੀ ਦੋਸ਼ ਹੈ ਕਿ ਜਦੋਂ ਉਨ੍ਹਾਂ ਨੇ 3 ਅਕਤੂਬਰ 2021 ਨੂੰ ਰਈਸਾ ਖਾਨ ਲਾਲ ਗੱਲ ਕੀਤੀ ਤਾਂ ਉਹ ਚਾਹੁੰਦੇ ਸੀ ਕਿ ਉਹ ਸੰਸਦ 'ਚ ਝੂਠ ਬੋਲਣ ਦੀ ਗੱਲ ਸਵੀਕਾਰ ਕਰਨ। ਰਈਸਾ ਖਾਨ ਦਾ ਮਾਮਲਾ 2021 ਵਿੱਚ ਸਾਹਮਣੇ ਆਇਆ ਸੀ, ਜਦੋਂ ਉਨ੍ਹਾਂ ਨੇ ਬਲਾਤਕਾਰ ਦੇ ਇੱਕ ਮਾਮਲੇ 'ਤੇ ਸੰਸਦ ਵਿੱਚ ਝੂਠ ਬੋਲਣ ਦੀ ਗੱਲ ਸਵੀਕਾਰ ਕੀਤੀ।

# ਉੱਤਰੀ ਕੋਰੀਆ ਨੇ ਕਈ ਬੈਲਿਸਟਿਕ ਮਿਜ਼ਾਈਲਾਂ ਦਾਗੀਆਂ

ਸਿਓਲ- ਉੱਤਰੀ ਕੋਰੀਆ ਨੇ ਅੱਜ ਸਵੇਰੇ ਆਪਣੇ ਪੂਰਬੀ ਜਲ ਖੇਤਰ ਵੱਲ ਘੱਟ ਦੂਰੀ ਤੱਕ ਮਾਰ ਕਰਨ ਵਾਲੀਆਂ ਕਈ ਬੈਲਿਸਟਿਕ ਮਿਜ਼ਾਈਲਾਂ ਦਾਗੀਆਂ। ਦੱਖਣੀ ਕੋਰੀਆ ਤੇ ਜਾਪਾਨ ਨੇ ਇਹ ਜਾਣਕਾਰੀ ਦਿੱਤੀ।

ਇਹ ਮਿਜ਼ਾਈਲਾਂ ਦੱਖਣੀ ਕੋਰੀਆ-ਅਮਰੀਕਾ ਦਾ ਫੌਜੀ ਅਭਿਆਸ ਖਤਮ ਹੋਣ ਤੋਂ ਬਾਅਦ ਦਾਗੀਆਂ ਗਈਆਂ ਹਨ ਜਿਸ ਨੂੰ ਉੱਤਰੀ ਕੋਰੀਆ ਹਮਲੇ ਲਈ ਅਭਿਆਸ ਦਸਦਾ ਰਿਹਾ ਹੈ। ਇਹ ਕਰੀਬ ਇੱਕ ਮਹੀਨੇ ਅੰਦਰ ਉੱਤਰੀ ਕੋਰੀਆ ਵੱਲੋਂ ਕੀਤਾ ਗਿਆ ਪਹਿਲਾ ਮਿਜ਼ਾਈਲ ਪ੍ਰੀਖਣ ਹੈ। ਮਾਹਰਾਂ ਨੂੰ ਪਹਿਲਾਂ ਹੀ ਅਨੁਮਾਨ ਸੀ ਕਿ ਅਮਰੀਕਾ 'ਚ ਨਵੰਬਰ ਵਿੱਚ ਹੋਣ ਵਾਲੀਆਂ ਰਾਸ਼ਟਰਪਤੀ ਚੋਣਾਂ ਦੇ ਮੱਦੇਨਜ਼ਰ ਉੱਤਰੀ ਕੋਰੀਆ ਆਪਣਾ ਮਿਜ਼ਾਈਲ ਪ੍ਰੀਖਣ ਤੇਜ਼ ਕਰੇਗਾ।



ਜਾਪਾਨ ਦੇ ਰੱਖਿਆ ਮੰਤਰਾਲੇ ਨੇ ਦੱਸਿਆ ਕਿ ਉੱਤਰੀ ਕੋਰੀਆ ਨੇ ਤਿੰਨ ਮਿਜ਼ਾਈਲਾਂ ਦਾਗੀਆਂ ਹਨ। ਜਾਪਾਨ ਦੇ ਪ੍ਰਧਾਨ ਮੰਤਰੀ ਫੁਮੀਓ ਕਿਸ਼ੀਦਾ ਨੇ ਸੰਸਦ ਦੇ ਇੱਕ ਸੈਸ਼ਨ ਦੌਰਾਨ ਕਿਹਾ ਕਿ ਉੱਤਰੀ ਕੋਰੀਆ ਦੀਆਂ ਮਿਜ਼ਾਈਲਾਂ ਕੋਰੀਆ ਪ੍ਰਾਇਦੀਪ ਤੇ ਜਾਪਾਨ ਵਿਚਾਲੇ ਜਲ ਖੇਤਰ 'ਚ ਡਿੱਗੀਆਂ ਅਤੇ ਇਸ ਕੋਈ ਨੁਕਸਾਨ ਹੋਣ ਦੀ ਕੋਈ ਖ਼ਬਰ ਨਹੀਂ ਹੈ। ਕਿਸ਼ੀਦਾ ਨੇ ਉੱਤਰੀ ਕੋਰੀਆ ਵੱਲੋਂ ਵਾਰ-ਵਾਰ ਬੈਲਿਸਟਿਕ ਮਿਜ਼ਾਈਲਾਂ ਦਾ ਪ੍ਰੀਖਣ ਕੀਤੇ ਜਾਣ ਦੀ ਨਿੰਦਾ ਕੀਤੀ। ਦੱਖਣੀ ਕੋਰੀਆ ਦੀ ਸੈਨਾ ਨੇ ਦੱਸਿਆ ਕਿ ਉਸ ਨੇ ਵੀ ਅੱਜ ਸਵੇਰੇ ਉੱਤਰੀ ਕੋਰੀਆ ਵੱਲੋਂ ਕਈ ਬੈਲਿਸਟਿਕ ਮਿਜ਼ਾਈਲਾਂ ਦਾਗੇ ਜਾਣ ਦਾ ਪਤਾ ਲਾਇਆ ਹੈ। ਇਸੇ ਦੌਰਾਨ ਦੱਖਣੀ ਕੋਰੀਆ ਦੇ ਰੱਖਿਆ ਮੰਤਰਾਲੇ ਨੇ ਇਹ ਵੀ ਕਿਹਾ ਕਿ ਉੱਤਰੀ ਕੋਰੀਆ ਨੇ ਯੂਕਰੇਨ ਖ਼ਿਲਾਫ਼ ਜੰਗ 'ਚ ਮਦਦ ਕਰਨ ਲਈ ਰੂਸ ਨੂੰ ਹਥਿਆਰਾਂ ਤੇ ਅਸਲੇ ਦੇ 7 ਹਜ਼ਾਰ ਕੰਟੇਨਰ ਭੇਜੇ ਹਨ। ਦੂਜੇ ਪਾਸੇ ਅਮਰੀਕਾ ਦੇ ਵਿਦੇਸ਼ ਵਿਭਾਗ ਨੇ ਇਨ੍ਹਾਂ ਪ੍ਰੀਖਣਾਂ ਦੀ ਨਿੰਦਾ ਕਰਦਿਆਂ ਕਿਹਾ ਕਿ ਇਹ ਪ੍ਰੀਖਣ ਉੱਤਰੀ ਕੋਰੀਆ ਦੇ ਗੁਆਂਢੀਆਂ ਤੇ ਖੇਤਰੀ ਸੁਰੱਖਿਆ ਲਈ ਖਤਰਾ ਪੈਦਾ ਕਰਦੇ ਹਨ।

# ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਭਾਜਪਾ ਵਿੱਚ ਸ਼ਾਮਲ

ਅੰਮ੍ਰਿਤਸਰ- ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਅੱਜ ਰਸਮੀ ਤੌਰ 'ਤੇ ਭਾਜਪਾ ਵਿੱਚ ਸ਼ਾਮਲ ਹੋ ਗਏ। ਉਨ੍ਹਾਂ ਨੂੰ ਭਾਜਪਾ ਦੇ ਜਨਰਲ ਸਕੱਤਰ ਵਿਨੋਦ ਤਾਵੜੇ ਨੇ ਭਾਰਤੀ ਜਨਤਾ ਪਾਰਟੀ ਵਿੱਚ ਜੀ ਆਇਆਂ ਕਿਹਾ। ਉਨ੍ਹਾਂ ਦੇ ਨਾਲ ਭਾਜਪਾ ਦੇ ਜਨਰਲ ਸਕੱਤਰ ਤਰੁਣ ਚੁੱਘ ਅਤੇ ਸਕੱਤਰ ਮਨਜਿੰਦਰ ਸਿੰਘ ਸਿਰਸਾ ਵੀ ਮੌਜੂਦ ਸਨ।

ਸਮੁੰਦਰੀ ਪਰਿਵਾਰ ਨਾਲ ਸਬੰਧਤ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਅਮਰੀਕਾ ਵਿੱਚ ਭਾਰਤ ਦੇ ਸਫੀਰ ਰਹਿ ਚੁੱਕੇ ਹਨ। ਸੇਵਾਮੁਕਤੀ ਤੋਂ ਬਾਅਦ ਉਹ ਅੰਮ੍ਰਿਤਸਰ ਵਿਚ ਹਨ ਅਤੇ ਉਨ੍ਹਾਂ ਨੂੰ ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਦੇ ਸੰਭਾਵੀ ਉਮੀਦਵਾਰਾਂ ਦੀ ਕਤਾਰ ਵਿਚ ਦੇਖਿਆ ਜਾ ਰਿਹਾ ਹੈ।ਨਵੀਂ ਦਿਲੀ ਵਿੱਚ ਅੱਜ ਭਾਜਪਾ ਆਗੂ ਸ੍ਰੀ ਤਾਵੜੇ ਨੇ ਸ੍ਰੀ ਸੰਧੂ ਨੂੰ ਭਾਜਪਾ ਵਿਚ ਸ਼ਾਮਿਲ ਕਰਨ ਮੌਕੇ ਉਨ੍ਹਾਂ ਦੇ ਪਰਿਵਾਰਕ ਪਿਛੋਕੜ 'ਤੇ ਰੋਸ਼ਨੀ ਪਾਈ। ਉਨ੍ਹਾਂ ਕਿਹਾ ਕਿ ਸ੍ਰੀ ਸੰਧੂ ਦੇ ਦਾਦਾ ਤੇਜਾ ਸਿੰਘ ਸਮੁੰਦਰੀ ਸਨ , ਜਿਨ੍ਹਾਂ ਗੁਰਦੁਆਰਾ ਸੁਧਾਰ ਲਹਿਰ ਅਤੇ ਦੇਸ਼ ਦੇ ਆਜ਼ਾਦੀ ਸੰਘਰਸ਼ ਵਿਚ ਵੀ ਅਹਿਮ ਭੂਮਿਕਾ ਨਿਭਾਈ ਸੀ। ਉਨ੍ਹਾਂ ਦੇ ਮਾਪਿਆਂ ਦੀ ਸਿੱਖਿਆ ਦੇ ਖੇਤਰ ਵਿੱਚ ਅਹਿਮ ਦੇਣ ਹੈ। ਪਿਤਾ ਬਿਸ਼ਨ ਸਿੰਘ ਸਮੁੰਦਰੀ ਖ਼ਾਲਸਾ ਕਾਲਜ ਦੇ ਪ੍ਰਿੰਸੀਪਲ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਰਹੇ ਹਨ। ਉਨ੍ਹਾਂ ਵੱਖ-ਵੱਖ ਮੁਲਕਾਂ ਵਿੱਚ ਭਾਰਤੀ



ਸਫੀਰ ਵਜੋਂ ਅਹਿਮ ਸੇਵਾਵਾਂ ਨਿਭਾਈਆਂ। ਇਸ ਮੌਕੇ ਸ੍ਰੀ ਸੰਧੂ ਨੇ ਭਾਜਪਾ ਪ੍ਰਧਾਨ ਜੇਪੀ ਨੱਢਾ, ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਪਿਛਲੇ 10 ਸਾਲ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ 'ਚ ਕੰਮ ਕੀਤਾ। ਉਨ੍ਹਾਂ ਕਿਹਾ ਕਿ ਅਮਰੀਕਾ ਅਤੇ ਭਾਰਤ ਦੀ ਸਾਂਝ ਹੁਣ ਭਾਈਵਾਲੀ 'ਚ ਬਦਲ ਚੁੱਕੀ ਹੈ। ਅਮਰੀਕੀ ਕੰਪਨੀਆਂ ਭਾਰਤ 'ਚ ਪੂੰਜੀ ਨਿਵੇਸ਼ ਕਰ ਰਹੀਆਂ ਹਨ। ਇਸ ਨਿਵੇਸ਼ ਦਾ ਲਾਭ ਅੰਮ੍ਰਿਤਸਰ ਤੇ ਪੰਜਾਬ ਨੂੰ ਵੀ ਹੋਣਾ ਚਾਹੀਦਾ ਹੈ। ਗੁਰੂ ਨਗਰੀ ਅੰਮ੍ਰਿਤਸਰ ਉਸ ਦਾ ਹੋਮ ਟਾਊਨ ਹੈ। ਅੰਮ੍ਰਿਤਸਰ ਦੀ ਸਿੱਖਿਆ, ਵਪਾਰ, ਉਦਯੋਗ, ਮੈਡੀਕਲ-ਹੈਲਥ ਕੇਅਰ, ਟੂਰਿਜ਼ਮ, ਖੇਤੀ ਸੈਕਟਰ ਵਿੱਚ ਵਿਕਾਸ ਦੀਆਂ ਬਹੁਤ ਸਾਰੀਆਂ ਸੰਭਾਵਨਾਵਾਂ ਹਨ। ਵਿਕਾਸ ਨੀਤੀਆਂ ਦੇਸ਼ ਦੇ ਬਾਕੀ ਹਿੱਸਿਆਂ ਵਾਂਗ ਅੰਮ੍ਰਿਤਸਰ ਵੀ ਪਹੁੰਚਣੀਆਂ ਚਾਹੀਦੀਆਂ ਹਨ।

# ਚੋਣ ਜ਼ਾਬਤਾ: ਪੰਜਾਬ ਬਣਿਆ ਪੋਸਟਰ ਤੇ ਬੈਨਰ ਮੁਕਤ

ਚੰਡੀਗੜ੍ਹ- ਚੋਣ ਕਮਿਸ਼ਨ ਨੇ ਆਦਰਸ਼ ਚੋਣ ਜ਼ਾਬਤੇ ਤਹਿਤ ਪੰਜਾਬ ਨੂੰ ਬੈਨਰ ਤੇ ਪੋਸਟਰ ਮੁਕਤ ਬਣਾ ਦਿੱਤਾ ਹੈ। ਦੋ ਦਿਨਾਂ 'ਚ 15653 ਪੋਸਟਰ ਅਤੇ 7511 ਬੈਨਰ ਹਟਾਏ ਗਏ ਹਨ। ਸੂਬੇ ਵਿਚੋਂ 24,433 ਕੰਧ ਲਿਖਤਾਂ ਅਤੇ ਇਸੇ ਤਰ੍ਹਾਂ 23,916 ਹੋਰ ਜਾਇਦਾਦਾਂ 'ਤੇ ਲਿਖੇ ਨਾਅਰੇ ਆਦਿ ਵੀ ਮਿਟਾਏ ਗਏ ਹਨ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਅੱਜ ਲੋਕ ਸਭਾ ਚੋਣਾਂ-2024 ਦੀਆਂ ਤਿਆਰੀਆਂ ਸਬੰਧੀ ਪ੍ਰੈਸ ਕਾਨਫਰੰਸ ਕਰਕੇ ਉਪਰੋਕਤ ਵੇਰਵੇ ਸਾਂਝੇ ਕੀਤੇ।ਉਨ੍ਹਾਂ ਦੱਸਿਆ ਕਿ ਸੁਰੱਖਿਆ ਦੇ ਮੱਦੇਨਜ਼ਰ ਦਸ ਜ਼ਿਲ੍ਹਿਆਂ ਵਿਚ ਅੰਤਰਰਾਜੀ ਨਾਕੇਬੰਦੀ ਕੀਤੀ ਗਈ ਹੈ। ਨਾਕਿਆਂ 'ਤੇ ਸੀਸੀਟੀਵੀ ਕੈਮਰੇ ਲਗਾਏ ਗਏ ਹਨ ਅਤੇ ਲੋੜੀਂਦੇ ਉਪਕਰਨਾਂ ਨਾਲ ਲੈਸ ਫਲਾਇੰਗ ਸਕੁਐਡ ਅੰਤਰ-ਜ਼ਿਲ੍ਹਾ ਚੌਕੀਆਂ 'ਤੇ ਤਾਇਨਾਤ ਕੀਤੇ ਗਏ ਹਨ। ਇਸੇ ਤਰ੍ਹਾਂ ਕੇਂਦਰੀ ਬਲਾਂ ਦੀਆਂ 25 ਕੰਪਨੀਆਂ ਤਾਇਨਾਤ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਸੀ-ਵਿਜਿਲ ਐਪ ਰਾਹੀਂ 119 ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ, ਜਿਨ੍ਹਾਂ ਵਿੱਚੋਂ 86 ਜਾਇਜ਼ ਪਾਈਆਂ



ਗਈਆਂ ਹਨ। ਇਨ੍ਹਾਂ ਸ਼ਿਕਾਇਤਾਂ ਦਾ ਨਿਪਟਾਰਾ ਕਰ ਦਿੱਤਾ ਗਿਆ ਹੈ। ਸੂਬੇ ਦੇ 24,433 ਪੋਲਿੰਗ ਸਟੇਸ਼ਨਾਂ ਵਿੱਚੋਂ 2,416 ਨੂੰ ਹੁਣ ਤੱਕ ਸੰਵੇਦਨਸ਼ੀਲ ਵਜੋਂ ਪਛਾਣਿਆ ਗਿਆ ਹੈ। ਸਾਰੇ ਪੋਲਿੰਗ ਸਟੇਸ਼ਨਾਂ ਦੀ ਕੇਂਦਰੀਕ੍ਰਿਤ ਨਿਗਰਾਨੀ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ 'ਇਸ ਵਾਰ 70 ਪਾਰ' ਦੇ ਟੀਚੇ ਨੂੰ ਪ੍ਰਾਪਤ ਕਰਨ ਲਈ 12,000 ਪੋਲਿੰਗ ਸਟੇਸ਼ਨਾਂ ਉੱਤੇ ਖ਼ਾਸ ਫੋਕਸ ਕੀਤਾ ਜਾ ਰਿਹਾ ਹੈ, ਜਿੱਥੇ ਮਤਦਾਨ ਰਾਸ਼ਟਰੀ ਅਤੇ ਸੂਬੇ ਦੇ ਹੋਰਨਾਂ ਹਿੱਸਿਆਂ ਨਾਲੋਂ 2019 ਵਿੱਚ ਔਸਤ ਨਾਲੋਂ ਘੱਟ ਰਿਹਾ ਸੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਚੋਣ ਅਧਿਕਾਰੀਆਂ-ਕਮ-ਡਿਪਟੀ ਕਮਿਸ਼ਨਰਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਪੋਲਿੰਗ ਸਟੇਸ਼ਨਾਂ 'ਤੇ ਪੀਣ ਵਾਲੇ ਪਾਣੀ, ਪਖਾਨੇ, ਦਿਸ਼ਾ ਸੂਚਕ, ਰੈਂਪ/ਵ੍ਹੀਲ ਚੇਅਰ, ਹੈਲਪ ਡੈਸਕ, ਵੋਟਰ ਸੁਵਿਧਾ ਕੇਂਦਰ, ਲੋੜੀਂਦੀ ਰੌਸ਼ਨੀ ਅਤੇ ਸ਼ੈੱਡ ਦੀ ਸਹੂਲਤ ਨੂੰ ਯਕੀਨੀ ਬਣਾਉਣ।

ਉਨ੍ਹਾਂ ਦੱਸਿਆ ਕਿ 1 ਮਾਰਚ, 2024 ਤੱਕ ਪੰਜਾਬ ਵਿੱਚ ਕੁੱਲ 2,12,71,246 ਵੋਟਰ ਹਨ ਅਤੇ ਡੁਪਲੀਕੇਟ ਵੋਟ ਨੂੰ ਰੋਕਣ ਲਈ ਵੋਟਰ ਸੂਚੀ ਦੀ ਵਿਸ਼ੇਸ਼ ਸੰਖੇਪ ਸੁਧਾਈ ਦੌਰਾਨ ਵਿਸ਼ੇਸ਼ ਯਤਨ ਕੀਤੇ ਗਏ ਹਨ। ਵੋਟਰ ਸੂਚੀ ਸੁਧਾਈ ਦੇ ਹਰ ਪੜਾਅ 'ਤੇ ਰਾਜਨੀਤਕ ਪਾਰਟੀਆਂ ਨਾਲ ਨਿਯਮਤ ਮੀਟਿੰਗਾਂ ਕੀਤੀਆਂ ਗਈਆਂ ਹਨ ਅਤੇ ਉਨ੍ਹਾਂ ਨੂੰ ਇਤਰਾਜ਼ ਦੇਣ ਦਾ ਮੌਕਾ ਪ੍ਰਦਾਨ ਕੀਤਾ ਗਿਆ ਹੈ। ਸਿਬਿਨ ਸੀ ਨੇ ਕਿਹਾ ਕਿ ਮੀਡੀਆ ਦੇ ਸਹਿਯੋਗ ਨਾਲ ਹੀ ਚੋਣਾਂ ਆਜ਼ਾਦ ਅਤੇ ਨਿਰਪੱਖ ਢੰਗ ਨਾਲ ਨੇਪਰੇ ਚਾੜ੍ਹੀਆਂ ਜਾ ਸਕਣਗੀਆਂ।

# ਈਡੀ ਨੇ ਵਿਧਾਇਕ ਗੱਜਣਮਾਜਰਾ ਸਮੇਤ ਛੇ ਵਿਰੁਧ ਦਾਇਰ ਕੀਤੀ ਚਾਰਜਸ਼ੀਟ

ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਵਿਧਾਇਕ ਜਸਵੰਤ ਸਿੰਘ ਗੱਜਣਮਾਜਰਾ ਨਾਲ ਸਬੰਧਤ 40.92 ਕਰੋੜ ਰੁਪਏ ਦੇ ਬੈਂਕ ਧੋਖਾਧੜੀ ਮਾਮਲੇ ਵਿਚ ਮੁਹਾਲੀ ਦੀ ਵਿਸ਼ੇਸ਼ ਅਦਾਲਤ ਵਿਚ ਚਾਰਜਸ਼ੀਟ (ਪ੍ਰੌਸੀਕਿਊਸ਼ਨ ਸ਼ਿਕਾਇਤ) ਦਾਇਰ ਕੀਤੀ ਹੈ। ਇਸ ਸ਼ਿਕਾਇਤ ਵਿਚ ਆਮ ਆਦਮੀ ਪਾਰਟੀ ਦੇ ਵਿਧਾਇਕ ਜਸਵੰਤ ਸਿੰਘ ਗੱਜਣਮਾਜਰਾ ਸਮੇਤ 6 ਲੋਕਾਂ ਦੇ ਨਾਂਅ ਸ਼ਾਮਲ ਹਨ। ਈਡੀ ਦੇ ਅਧਿਕਾਰੀਆਂ ਨੇ ਬੁੱਧਵਾਰ ਨੂੰ ਇਹ ਜਾਣਕਾਰੀ ਸਾਂਝੀ ਕੀਤੀ। ਦੱਸ ਦੇਈਏ ਕਿ ਜਲੰਧਰ ਈਡੀ ਨੇ ਕਰੀਬ ਚਾਰ ਮਹੀਨੇ ਪਹਿਲਾਂ ਗੱਜਣਮਾਜਰਾ ਨੂੰ ਗ੍ਰਿਫਤਾਰ ਕੀਤਾ ਸੀ। ਉਨ੍ਹਾਂ ਦੀ ਗ੍ਰਿਫਤਾਰੀ ਤੋਂ ਬਾਅਦ ਅੱਜ ਈਡੀ ਦੀ ਇਹ ਵੱਡੀ



ਕਾਰਵਾਈ ਹੈ।

ਜਲੰਧਰ ਜ਼ੋਨਲ ਦਫ਼ਤਰ ਨੇ ਤਾਰਾ ਕਾਰਪੋਰੇਸ਼ਨ ਲਿਮਟਿਡ ਅਤੇ ਤਾਰਾ ਹੈਲਥ ਫੂਡ ਲਿਮਟਿਡ ਦੇ ਸਾਬਕਾ ਡਾਇਰੈਕਟਰ ਜਸਵੰਤ ਸਿੰਘ ਅਤੇ ਤਾਰਾ ਕਾਰਪੋਰੇਸ਼ਨ ਲਿਮਟਿਡ ਅਤੇ ਹੋਰ ਦੇ ਮਾਮਲੇ ਵਿਚ ਤਿੰਨ ਕੰਪਨੀਆਂ ਸਮੇਤ ਛੇ ਹੋਰ ਮੁਲਜ਼ਮਾਂ ਵਿਰੁਧ 5 ਜਨਵਰੀ ਨੂੰ ਮੁਕੱਦਮਾ ਦਰਜ ਕੀਤਾ ਸੀ।

ਜਿਸ ਵਿਚ ਜਸਵੰਤ ਸਿੰਘ ਅਤੇ ਤਿੰਨ ਕੰਪਨੀਆਂ ਸਮੇਤ ਹੋਰ ਧਿਰਾਂ ਨੂੰ ਮੁਹਾਲੀ ਸਥਿਤ ਸਪੈਸ਼ਲ ਪ੍ਰੀਵੈਨਸ਼ਨ ਆਫ ਮਨੀ ਲਾਂਡਰਿੰਗ (ਪੀ.ਐਮ.ਐਲ.ਏ.) ਐਕਟ ਦੀ ਅਦਾਲਤ ਵਿਚ ਪੇਸ਼ ਕੀਤਾ ਗਿਆ। 18 ਮਾਰਚ ਨੂੰ ਅਦਾਲਤ ਨੇ ਉਕਤ ਸ਼ਿਕਾਇਤ ਸਵੀਕਾਰ ਕਰ ਲਈ। ਦੱਸ ਦੇਈਏ ਕਿ ਕੇਂਦਰੀ ਜਾਂਚ ਬਿਊਰੋ ਨੇ ਵੀ ਗੱਜਣਮਾਜਰਾ ਵਿਰੁਧ ਐਫਆਈਆਰ ਦਰਜ ਕੀਤੀ ਸੀ।

# ਅਕਾਲੀ ਦਲ ਨਾਲ ਗਠਜੋੜ ਦਾ ਫੈਸਲਾ ਜਲਦ : ਅਮਿਤ ਸ਼ਾਹ

ਨਵੀਂ ਦਿੱਲੀ: ਪੰਜਾਬ ਵਿਚ ਬੀਜੇਪੀ ਦਾ ਅਕਾਲੀ ਦਲ ਨਾਲ ਗਠਜੋੜ ਹੋਣ ਬਾਰੇ ਫੈਸਲਾ ਜਲਦ ਹੋ ਜਾਵੇਗਾ। ਇਹ ਸੰਕੇਤ ਕੇਂਦਰੀ ਗ੍ਰਹਿ ਮੰਤਰੀ ਅਤੇ ਭਾਜਪਾ ਦੇ ਸੀਨੀਅਰ ਨੇਤਾ ਅਮਿਤ ਸ਼ਾਹ ਨੇ ਦਿੱਲੀ ਵਿਚ ਇੰਟਰਵਿਊ ਵਿਚ ਦਿੱਤੇ ਹਨ।

ਉਨ੍ਹਾਂ ਕਿਹਾ ਕਿ ਦੋਵਾਂ ਦਲਾਂ ਵਿਚ ਅਜੇ ਗੱਲਬਾਤ ਦਾ ਦੌਰ ਚਲ ਰਿਹਾ ਹੈ। ਸਾਰੀ ਚੀਜ਼ਾਂ ਨੂੰ ਦੇਖਿਆ ਜਾ ਰਿਹਾ ਹੈ। ਉਨ੍ਹਾਂ ਨੇ ਦਾਅਵਾ ਕੀਤਾ ਕਿ ਪੰਜਾਬ ਵਿਚ ਵੀ ਇਸ ਵਾਰ ਪਾਰਟੀ ਮਜ਼ਬੂਤ ਹੋਵੇਗੀ। ਉਨ੍ਹਾਂ ਕਿਹਾ ਕਿ ਅਸੀਂ ਤਾਂ ਚਾਹੁੰਦੇ ਹਨ ਕਿ ਐਨਡੀਏ ਦੇ ਸਾਰੇ ਭਾਈਵਾਲ ਇੱਕ ਮੰਚ 'ਤੇ ਆ ਜਾਣ। ਬੀਜੇਪੀ ਸੂਤਰਾਂ ਮੁਤਾਬਕ ਭਾਜਪਾ ਅਤੇ ਅਕਾਲੀ ਦਲ ਵਿਚ ਗਠਜੋੜ ਅਪਣੇ ਆਖਰੀ ਪੜਾਅ ਤੱਕ



ਪਹੁੰਚ ਚੁੱਕਾ ਹੈ। ਸੀਟਾਂ ਦੀ ਵੰਡ ਨੂੰ ਲੈਕੇ ਮਾਮਲਾ ਉਲਝਿਆ ਹੋਇਆ। ਜੋ ਕਿ ਹਾਲੇ ਤੱਕ ਨਹੀਂ ਸੁਲਝਿਆ।

# ਆਖਰੀ ਉਮੀਦ ਐਨਜੀਓ ਦਾ ਸੰਤ ਬਲਬੀਰ ਸਿੰਘ ਸੀਚੇਵਾਲ ਅਤੇ ਵਿਧਾਨਸਭਾ ਸਪੀਕਰ ਕੁਲਤਾਰ ਸਿੰਘ ਸੰਧਵਾ ਜੀ ਵੱਲੋਂ ਵਿਸ਼ੇਸ਼ ਸਨਮਾਨ





ਆਖਰੀ ਉਮੀਦ ਵੈਲਫ਼ੇਅਰ ਸੋਸਾਇਟੀ ਵੱਲੋਂ ਨਿਰਮਲ ਕੁਟੀਆ ਸੀਚੇਵਾਲ ਵਿਖੇਸੰਤ ਬਾਬਾ ਲਾਲ ਸਿੰਘ ਜੀ ਦੀ ਯਾਦ ਵਿੱਚ 46 ਵੀ ਸਾਲਾਨਾ ਬਰਸੀ ਮੌਕੇ ਖ਼ੂਨ ਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਬਹੁਤ ਸਾਰੇ ਵੀਰਾਂ ਭੈਣਾਂ ਨੇ ਖ਼ੂਨ ਦਾਨ ਕੀਤਾ।

ਇਸ ਮੌਕੇ ਬਹੁਤ ਸਾਰੀਆਂ ਰਾਜਨੀਤਿਕ, ਧਾਰਮਿਕ ਸਮਾਜਿਕ ਸਖ਼ਸ਼ੀਅਤਾਂ ਵੱਲੋ ਹਾਜ਼ਰੀ ਭਰੀ ਗਈ ਉੱਚ ਕੋਟੀ ਦੇ ਪ੍ਰਸਿੱਧ ਸੰਤ ਸਮਾਜ ਅੱਤੇ ਰਾਗੀ ਸਿੰਘਾਂ ਵੱਲੋਂ ਇਲਾਹੀ ਬਾਨੀ ਦਾ ਗੁਣ ਗਾਇਨ ਕੀਤਾ ਗਿਆ। ਸੰਗਤਾਂ ਦਾ ਬਹੁਤ ਇਕੱਠ ਗੁਰੂ ਚਰਨਾਂ ਵਿੱਚ ਨਤਮਸਤਕ ਹੋਏ। ਇਸ ਮੌਕੇ ਤੇ ਸੰਗਤਾਂ ਨੂੰ ਬੂਟਿਆਂ ਦਾ ਪ੍ਰਸ਼ਾਦ ਵੀ ਵੰਡਿਆ ਗਿਆ।

ਸੰਤ ਬਾਬਾ ਬਲਬੀਰ ਸਿੰਘ ਜੀ ਸੀਚੇਵਾਲ ਅੱਤੇ ਓਹਨਾਂ ਦੀ ਸਮੁਚੀ ਟੀਮ, ਅੱਤੇ ਸੱਭ ਡੋਨਰਾ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਾਂ। ਜਿਹਨਾਂ ਨੇ ਇਸ ਕੈਂਪ ਸੇਵਾ ਵਿੱਚ ਯੋਗਦਾਨ ਪਾਇਆ ।

ਮੱਨੁਖਤਾ ਦੀ ਸੇਵਾ ਹੀ ਸਾਡਾ ਧਰਮ।

Aakhir umeed welfare soicety (R)

9115560161,62,63,64,65 9056590566

## ਸਿੱਧੂ ਇੱਕ ਦਹਾਕੇ ਬਾਅਦ ਕੁਮੈਂਟਰੀ ਬਾਕਸ ’ਚ ਵਾਪਸੀ ਲਈ ਤਿਆਰ

ਇੰਡੀਅਨ ਪ੍ਰੀਮੀਅਰ ਲੀਗ (ਆਈਪੀਐੱਲ) ਰਾਹੀਂ ਲਗਪਗ ਇਕ ਦਹਾਕੇ ਬਾਅਦ ਕੁਮੈਂਟਰੀ ਬਾਕਸ ’ਚ ਵਾਪਸੀ ਕਰਨ ਲਈ ਤਿਆਰ ਸਾਬਕਾ ਭਾਰਤੀ ਕ੍ਰਿਕਟਰ ਨਵਜੋਤ ਸਿੰਘ ਸਿੱਧੂ ਨੇ ਕਿਹਾ ਕਿ ਇਸ ਲੀਗ ਨਾਲ ਨਾ ਸਿਰਫ ਭਾਰਤ ਸਗੋਂ ਹੋਰ ਦੇਸ਼ਾਂ ਨੂੰ ਵੀ ਟੀ-20 ਵਿਸ਼ਵ ਕੱਪ ਟੀਮ ਦੀ ਚੋਣ ਕਰਨ ਵਿੱਚ ਮਦਦ ਮਿਲੇਗੀ। ਜ਼ਿਕਰਯੋਗ ਹੈ ਕਿ ਇਸ ਇੱਕ ਦਹਾਕੇ ਦੌਰਾਨ ਸਿੱਧੂ ਸਿਆਸਤ ਵਿੱਚ ਸਰਗਰਮ ਸਨ। ਸਿੱਧੂ ਨੇ ਖ਼ਬਰ ਏਜੰਸੀ ਪੀਟੀਆਈ ਨਾਲ ਗੱਲਬਾਤ ਕਰਦਿਆਂ ਕਿਹਾ, ‘‘ਆਈਪੀਐੱਲ ਵਿਸ਼ਵ ਕੱਪ ਲਈ ਮਾਹੌਲ ਸਿਰ-ਜੇਗਾ। ਇਸ ਦੌਰਾਨ ਕੋਈ ਹੋਰ ਕ੍ਰਿਕਟ ਟੂਰਨਾਮੈਂਟ ਨਹੀਂ ਖੇਡਿਆ ਜਾਵੇਗਾ। ਦੁਨੀਆ ਦੀਆਂ ਨਜ਼ਰਾਂ ਆਈਪੀਐੱਲ ’ਤੇ ਹੋਣਗੀਆਂ। ਇਸ ਲਈ ਜੇ ਕੋਈ ਭਾਰਤੀ ਹੀ ਨਹੀਂ ਸਗੋਂ ਵਿਦੇਸ਼ੀ ਖਿਡਾਰੀ ਵੀ ਇਸ ਟੂਰਨਾਮੈਂਟ ’ਚ ਚੰਗਾ ਪ੍ਰਦਰਸ਼ਨ ਕਰੇਗਾ ਤਾਂ ਉਹ ਆਪੋ-ਆਪਣੇ ਦੇਸ਼ ਦੀ ਟੀਮ ’ਚ ਜਗ੍ਹਾ ਬਣਾ ਸਕੇਗਾ।’’ ਰੋਹਿਤ ਸ਼ਰਮਾ



ਅਤੇ ਵਿਰਾਟ ਕੋਹਲੀ ਨੇ ਪਿਛਲੇ ਟੀ-20 ਵਿਸ਼ਵ ਕੱਪ ਤੋਂ ਬਾਅਦ ਇਸ ਫਾਰਮੈਟ ’ਚ ਬਹੁਤੇ ਮੈਚ ਨਹੀਂ ਖੇਡੇ ਪਰ ਆਉਣ ਵਾਲੇ ਵਿਸ਼ਵ ਕੱਪ ਲਈ ਦੋਵਾਂ ਦੀ ਭਾਰਤੀ ਟੀਮ ਵਿੱਚ ਚੁਣੇ ਜਾਣ ਦੀ ਸੰਭਾਵਨਾ ਹੈ। ਇਸ ਬਾਰੇ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਸਿੱਧੂ ਨੇ ਕਿਹਾ, ‘‘ਉੱਥੇ ਦੋਵਾਂ ਦੀ ਲੋੜ ਪਵੇਗੀ। ਉਹ ਕ੍ਰਿਕਟ ਜਗਤ ਦੇ ਮੋਹਰੀ ਖਿਡਾਰੀ ਹਨ। ਲੈਅ ਆਉਂਦੀ-ਜਾਂਦੀ ਰਹਿੰਦੀ ਹੈ ਪਰ ਹੁਨਰ ਹਮੇਸ਼ਾ ਰਹਿੰਦਾ ਹੈ।’’ ਸਿੱਧੂ ਨੇ ਕਿਹਾ, ‘‘ਮੈਂ ਕੋਹਲੀ ਨੂੰ ਭਾਰਤ ਦਾ ਸਰਬੋ-ਤਮ ਬੱਲੇਬਾਜ਼ ਕਰਾਰ ਦੇਵਾਂਗਾ। ਇਸ ਦਾ ਇੱਕੋ-ਇੱਕ ਕਾਰਨ ਉਸ ਦੀ ਫਿਟਨੈੱਸ ਹੈ। ਜਿਵੇਂ-ਜਿਵੇਂ ਉਸ ਦੀ ਉਮਰ ਵਧਦੀ ਜਾ ਰਹੀ ਹੈ, ਉਹ ਹੋਰ ਫਿੱਟ ਹੁੰਦਾ ਜਾ ਰਿਹਾ ਹੈ। ਤਕਨੀਕੀ ਤੌਰ ’ਤੇ ਉਹ ਸ਼ਾਨਦਾਰ ਬੱਲੇਬਾਜ਼ ਹੈ ਅਤੇ ਤਿੰਨੋਂ ਫਾਰਮੈਟਾਂ ਵਿਚ ਢਲ ਸਕਦਾ ਹੈ। ਇਹ ਗੱਲ ਰੋਹਿਤ ’ਤੇ ਵੀ ਲਾਗੂ ਹੁੰਦੀ ਹੈ।’’ ਸਿੱਧੂ ਨੇ ਪਿਛਲੇ ਸਾਲ ਇੱਕ ਰੋਜ਼ਾ ਵਿਸ਼ਵ ਕੱਪ ’ਚ ਭਾਰਤੀ ਟੀਮ ਦੇ ਪ੍ਰਦਰਸ਼ਨ ਬਾਰੇ ਕਿਹਾ, ‘‘ਟੀਮ ਨੇ ਵਿਸ਼ਵ ਕੱਪ ’ਚ ਬਹੁਤ ਵਧੀਆ ਖੇਡਿਆ। ਇੱਕ ਖ਼ਰਾਬ ਮੈਚ ਨਾਲ ਟੀਮ ਦਾ ਭਵਿੱਖ ਤੈਅ ਨਹੀਂ ਕੀਤਾ ਜਾ ਸਕਦਾ।

## ਕਿਸਾਨ ਅੰਦੋਲਨ ਦੇ 36 ਦਿਨਾਂ ‘ਚ 9 ਕਿਸਾਨਾਂ ਦੀ ਮੌਤ

ਚੰਡੀਗੜ੍ਹ : ਕਿਸਾਨ ਅੰਦੋਲਨ ਨੂੰ 36 ਦਿਨ ਬੀਤ ਚੁੱਕੇ ਹਨ। ਅੱਜ 20 ਮਾਰਚ, 37ਵਾਂ ਦਿਨ ਹੈ। ਕਿਸਾਨ ਅੰਦੋਲਨ ਦੌਰਾਨ ਹੁਣ ਤੱਕ 12 ਲੋਕਾਂ ਦੀ ਮੌਤ ਹੋ ਚੁੱਕੀ ਹੈ। ਇਨ੍ਹਾਂ ਵਿੱਚ 3 ਪੁਲਿਸ ਮੁਲਾਜ਼ਮ ਵੀ ਸ਼ਾਮਲ ਹਨ। ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਅਤੇ ਕਿਸਾਨ ਮਜ਼ਦੂਰ ਮੋਰਚਾ ਦੇ ਸੱਦੇ ‘ਤੇ ਪਿਛਲੇ 5 ਦਿਨਾਂ ਤੋਂ ਕਿਸਾਨ ਸ਼ੁਭਕਰਨ ਦੀ ਅਸ਼ਟਮੀ ਕਲਸ਼ ਯਾਤਰਾ ਕੱਢ ਰਹੇ ਹਨ।

5ਵੇਂ ਦਿਨ ਬੁੱਧਵਾਰ ਨੂੰ ਅਸਤੀ ਕਲਾ ਯਾਤਰਾ ਯਮੁਨਾਨਗਰ ਦੇ ਕਈ ਪਿੰਡਾਂ ਤੋਂ ਹੁੰਦੀ ਹੋਈ ਕੁਰੂਕਸ਼ੇਤਰ ਵਿੱਚ ਪ੍ਰਵੇਸ਼ ਕਰੇਗੀ। ਅੰਦੋਲਨ ਦੌਰਾਨ ਨੌਜਵਾਨ ਕਿਸਾਨ ਸ਼ੁਭਕਰਨ ਦੀ 21 ਫਰਵਰੀ ਨੂੰ ਖਨੌਰੀ ਸਰਹੱਦ ‘ਤੇ ਗੋਲੀ ਲੱਗਣ ਨਾਲ ਮੌਤ ਹੋ ਗਈ ਸੀ। ਕੁਰੂਕਸ਼ੇਤਰ ਤੋਂ ਬਾਅਦ ਕਲਸ਼ ਯਾਤਰਾ ਕਰਨਾਲ, ਕੈਥਲ ਅਤੇ ਫਿਰ ਅੰਬਾਲਾ ਜ਼ਿਲੇ ‘ਚ 3 ਦਿਨ ਚੱਲੇਗੀ। ਹਰਿਆਣਾ-ਪੰਜਾਬ ਦੇ ਸ਼ੰਭੂ-ਖਨੌਰੀ ਨਾਲ ਲੱਗਦੀ ਡੱਬਵਾਲੀ ਸਰਹੱਦ ‘ਤੇ ਹਜ਼ਾਰਾਂ ਕਿਸਾਨ ਖੜ੍ਹੇ ਹਨ। ਕਿਸਾਨਾਂ ਨੇ 22 ਮਾਰਚ ਨੂੰ ਹਿਸਾਰ, 27 ਮਾਰਚ ਨੂੰ ਰਾਜਸਥਾਨ ਅਤੇ 31 ਮਾਰਚ ਨੂੰ ਅੰਬਾਲਾ ਦੀ ਮੋਹਰਾ ਅਨਾਜ ਮੰਡੀ ਵਿੱਚ ਸ਼ਹੀਦੀ ਸਮਾਗਮ ਕਰਨ ਦਾ ਐਲਾਨ ਕੀਤਾ ਹੈ। ਹੁਣ ਤੱਕ ਸਰਕਾਰ ਨਾਲ 4 ਦੌਰ ਦੀ ਗੱਲਬਾਤ ਅਸਫਲ ਰਹੀ।

## ਆਮ ਆਦਮੀ ਪਾਰਟੀ ਵੱਡੇ ਫਰਕ ਨਾਲ ਜਿੱਤੇਗੀ: ਰਿੰਕੂ

ਜਲੰਧਰ- ਲੋਕ ਸਭਾ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਨੇ ਅੱਜ ਦਾਅਵਾ ਕੀਤਾ ਕਿ ਪਿਛਲੀ ਵਾਰ ਦੀ ਤਰ੍ਹਾਂ ਇਸ ਵਾਰ ਵੀ ਆਮ ਆਦਮੀ ਪਾਰਟੀ ਲੋਕ ਸਭਾ ਸੀਟ ਵੱਡੇ ਫਰਕ ਨਾਲ ਜਿੱਤੇਗੀ। ਸ੍ਰੀ ਰਿੰਕੂ ਨੇ ਕਿਹਾ ਕਿ ਜੋ ਕੁਝ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਦੋ ਸਾਲਾਂ ਦੇ ਕਾਰਜਕਾਲ ਵਿੱਚ ਪੰਜਾਬ ਵਿੱਚ ਕੀਤਾ ਹੈ, ਉਹ ਹੋਰ ਸਿਆਸੀ ਪਾਰਟੀਆਂ ਪਿਛਲੇ 70 ਸਾਲਾਂ ਵਿੱਚ ਵੀ ਨਹੀਂ ਕਰ ਸਕੀਆਂ। ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਸ਼ਿਕੰਜਾ ਕੱਸਣ, ਲੋਕਾਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਘਰ-ਘਰ ਪਹੁੰਚਾਉਣਾ, ਮੁਫ਼ਤ ਬਿਜਲੀ ਆਦਿ ਸਮੇਤ ਕਈ ਇਤਿਹਾਸਕ ਫੈਸਲੇ ਲਏ ਗਏ ਹਨ। ਇਨ੍ਹਾਂ ਫੈਸਲਿਆਂ ਨੇ ਲੋਕਾਂ ਦਾ ਦਿਲ ਜਿੱਤ ਲਿਆ ਹੈ ਕਿਉਂਕਿ ਪੰਜਾਬ ਦੇ ਲੋਕਾਂ ਨੇ ਵੱਡਾ ਬਦਲਾਅ ਦੇਖਿਆ ਹੈ। ਉਨ੍ਹਾਂ ਅੱਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਜਲੰਧਰ ਲੋਕ ਸਭਾ ਸੀਟ ਦੀਆਂ ਆਗਾਮੀ ਚੋਣਾਂ ਦੀਆਂ ਤਿਆਰੀਆਂ ਬਾਰੇ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਜਲੰਧਰ ਦੇ ਲੋਕ ਇਸ ਸੀਟ ’ਤੇ ਇਕ ਵਾਰ ਫਿਰ ਤੋਂ ਆਮ ਆਦਮੀ ਪਾਰਟੀ ਨੂੰ ਭਾਰੀ ਵੋਟਾਂ ਨਾਲ ਜਿਤਾਉਣ ਲਈ ਕਾਹਲੇ ਹਨ। ਜ਼ਿਕਰਯੋਗ ਹੈ ਕਿ ਸੰਸਦ ਮੈਂਬਰ ਬਣਨ ਤੋਂ ਬਾਅਦ ਸੁਸ਼ੀਲ ਕੁਮਾਰ ਰਿੰਕੂ ਲਗਾਤਾਰ ਜਲੰਧਰ ਸੰਸਦੀ ਹਲਕੇ ਦੇ ਲੋਕਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣ ਰਹੇ ਹਨ। ਉਨ੍ਹਾਂ



ਨੇ ਲੋਕ ਸਭਾ ਮੈਂਬਰ ਹੁੰਦਿਆਂ ਕੇਂਦਰ ਸਰਕਾਰ ਤੋਂ ਵੰਦੇ ਭਾਰਤ ਐਕਸਪ੍ਰੈਸ ਰੇਲ ਗੱਡੀ ਸ਼ੁਰੂ ਕਰਵਾਉਣ, ਆਦਮਪੁਰ ਹਵਾਈ ਅੱਡੇ ਤੋਂ ਉਡਾਣਾਂ ਸ਼ੁਰੂ ਕਰਵਾਉਣ, ਨੈਸ਼ਨਲ ਹਾਈਵੇਅ ’ਤੇ ਰੇਲਵੇ ਕਰਾਸਿੰਗਾਂ ’ਤੇ ਅੰਡਰਪਾਸ ਬਣਾਉਣ, ਦਕੋਹਾ ਫਲਾਈਓਵਰ ’ਤੇ ਨਵੇਂ ਅਟੈਚਮੈਂਟਾਂ ਦਾ ਨਿਰਮਾਣ, ਪੀਏਪੀ ਫਲਾਈਓਵਰ ਸਮੇਤ ਕਈ ਅਹਿਮ ਮੁੱਦੇ ਹੱਲ ਕਰਵਾਏ, ਜਿਸ ਨੇ ਜਲੰਧਰ ਦੇ ਵਿਕਾਸ ਵਿੱਚ ਮਦਦ ਕੀਤੀ। ਹਾਲ ਹੀ ’ਚ ਉਨ੍ਹਾਂ ਨੇ ਸੰਸਦ ’ਚ ਆਦਮਪੁਰ ਹਵਾਈ ਅੱਡੇ ਦਾ ਨਾਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਨਾਂ ’ਤੇ ਰੱਖਣ ਦੀ ਮੰਗ ਵੀ ਉਠਾਈ ਸੀ।

# ਐੱਚ1ਬੀ ਵੀਜ਼ਾ ਲਈ ਮੁੱਢਲੀ ਰਜਿਸਟਰੇਸ਼ਨ 22 ਨੂੰ ਹੋਵੇਗੀ ਬੰਦ

ਵਾਸ਼ਿੰਗਟਨ: ਵਿੱਤੀ ਸਾਲ 2025 ਲਈ ਭਾਰਤੀ ਆਈਟੀ ਪੇਸ਼ੇਵਰਾਂ ਵੱਲੋਂ ਸਭ ਤੋਂ ਵੱਧ ਮੰਗੇ ਜਾਣ ਵਾਲੇ ਐੱਚ1ਬੀ ਵੀਜ਼ਾ ਲਈ ਮੁੱਢਲੀ ਰਜਿਸਟਰੇਸ਼ਨ ਦੀ ਮਿਆਦ 22 ਮਾਰਚ ਨੂੰ ਖ਼ਤਮ ਹੋ ਰਹੀ ਹੈ। ਇਹ ਜਾਣਕਾਰੀ ਸੰਘੀ ਏਜੰਸੀ ਨੇ ਦਿੱਤੀ। ਐੱਚ1ਬੀ ਵੀਜ਼ਾ ਇੱਕ ਗੈਰ-ਪਰਵਾਸੀ ਵੀਜ਼ਾ ਹੈ ਜੋ ਅਮਰੀਕੀ ਕੰਪਨੀਆਂ ਨੂੰ ਆਪਣੀ ਲੋੜ ਅਨੁਸਾਰ ਤਕਨੀਕੀ ਮੁਹਾਰਤ ਰੱਖਣ ਵਾਲੇ ਵਿਦੇਸ਼ੀ ਕਾਮਿਆਂ ਨੂੰ ਵਿਸ਼ੇਸ਼ ਕਾਰੋਬਾਰਾਂ 'ਚ ਨਿਯੁਕਤੀ ਕਰਨ ਦੀ ਇਜਾਜ਼ਤ ਦਿੰਦਾ ਹੈ। ਅਮਰੀਕਾ ਦੀਆਂ ਤਕਨੀਕੀ ਕੰਪਨੀਆਂ ਭਾਰਤ ਤੇ ਚੀਨ ਜਿਹੇ ਦੇਸ਼ਾਂ ਤੋਂ ਹਰ ਸਾਲ ਹਜ਼ਾਰਾਂ ਕਰਮਚਾਰੀਆਂ ਦੀ ਨਿਯੁਕਤੀ ਲਈ ਇਸ ਵੀਜ਼ੇ 'ਤੇ ਨਿਰਭਰ ਕਰਦੀਆਂ ਹਨ। ਅਮਰੀਕੀ ਨਾਗਰਿਕਤਾ ਤੇ ਪਰਵਾਸ ਸੇਵਾਵਾਂ ਵਿਭਾਗ ਨੇ ਕਿਹਾ ਕਿ ਵਿੱਤੀ ਸਾਲ 2025 ਲਈ ਐੱਚ1ਬੀ ਵੀਜ਼ਾ ਲਈ ਮੁੱਢਲੀ ਰਜਿਸਟਰੇਸ਼ਨ ਦੀ ਮਿਆਦ 22 ਮਾਰਚ ਨੂੰ ਦੁਪਹਿਰ 12 ਵਜੇ ਖ਼ਤਮ ਹੋ ਜਾਵੇਗੀ। ਇਸ ਸਮੇਂ ਦੌਰਾਨ ਰਜਿਸਟਰੇਸ਼ਨ ਲਈ ਅਮਰੀਕੀ ਨਾਗਰਿਕਤਾ ਤੇ ਪਰਵਾਸ ਸੇਵਾਵਾਂ ਵਿਭਾਗ ਦੇ ਆਨਲਾਈਨ ਖਾਤੇ ਦੀ ਵਰਤੋਂ ਕੀਤੀ ਜਾ ਸਕਦੀ ਹੈ।




# ਚੀਨ 'ਚ ਸੁਰੰਗ ਦੀ ਕੰਧ ਨਾਲ ਟਕਰਾਈ ਬੱਸ; 14 ਲੋਕਾਂ ਦੀ ਮੌਤ

ਉੱਤਰੀ ਚੀਨ ਵਿਚ ਇਕ ਐਕਸਪ੍ਰੈਸਵੇਅ ਉਤੇ ਇਕ ਬੱਸ ਦੇ ਸੁਰੰਗ ਦੀ ਕੰਧ ਨਾਲ ਟਕਰਾਉਣ ਕਾਰਨ 14 ਲੋਕਾਂ ਦੀ ਮੌਤ ਹੋ ਗਈ। ਇਹ ਜਾਣਕਾਰੀ ਸਰਕਾਰੀ ਮੀਡੀਆ ਦੀਆਂ ਖ਼ਬਰਾਂ 'ਚ ਦਿਤੀ ਗਈ। ਸਰਕਾਰੀ ਪ੍ਰਸਾਰਕ 'ਸੀਸੀਟੀਵੀ' ਨੇ ਦਸਿਆ ਕਿ ਮੰਗਲਵਾਰ ਦੁਪਹਿਰ ਨੂੰ ਹੋਏ ਇਸ ਹਾਦਸੇ 'ਚ 37 ਹੋਰ ਲੋਕ ਜ਼ਖ਼ਮੀ ਹੋਏ ਹਨ। ਇਹ ਹਾਦਸਾ ਉਸ ਸਮੇਂ ਵਾਪਰਿਆ ਜਦੋਂ 51 ਯਾਤਰੀਆਂ ਨੂੰ ਲੈ ਕੇ ਜਾ ਰਹੀ ਇਕ ਬੱਸ ਸ਼ਾਂਕਸੀ ਸੂਬੇ ਦੇ ਲਿਨਫੇਨ ਸ਼ਹਿਰ ਵਿਚ ਹੋਹੋਤ-ਬੇਹਾਈ ਐਕਸਪ੍ਰੈਸਵੇਅ 'ਤੇ ਇਕ ਸੁਰੰਗ ਦੀ ਕੰਧ ਨਾਲ ਟਕਰਾ ਗਈ। 'ਸੀਸੀਟੀਵੀ' ਦੀ ਖ਼ਬਰ ਮੁਤਾਬਕ ਬੱਸ 'ਚ ਹੋਰ ਸਵਾਰੀਆਂ ਦੇ ਫਸੇ ਹੋਣ ਦਾ ਖਦਸ਼ਾ ਹੈ। ਸਰਕਾਰੀ ਸਮਾਚਾਰ ਏਜੰਸੀ 'ਸ਼ਿਨਹੂਆ' ਨੇ ਦਸਿਆ ਕਿ ਪਿਛਲੇ ਹਫਤੇ ਚੀਨ 'ਚ ਸੜਕ ਕਿਨਾਰੇ ਖੜੀ ਇਕ ਬੱਸ ਨੂੰ ਇਕ ਹੋਰ ਬੱਸ ਨੇ ਟੱਕਰ ਮਾਰ ਦਿਤੀ, ਜਿਸ ਕਾਰਨ ਇਕ ਵਿਅਕਤੀ ਦੀ ਮੌਤ ਹੋ ਗਈ ਅਤੇ 37 ਲੋਕ ਜ਼ਖ਼ਮੀ ਹੋ ਗਏ। ਇਹ ਘਟਨਾ ਸ਼ੁੱਕਰਵਾਰ ਨੂੰ ਵਾਪਰੀ, ਜਿਸ ਦਾ ਵੀਡੀਉ ਟੈਲੀਵਿਜ਼ਨ ਸੈਂਟਰ ਨੇ ਪੋਸਟ ਕੀਤਾ ਹੈ। ਦੇਖਿਆ ਜਾ ਰਿਹਾ ਹੈ ਕਿ ਟੱਕਰ ਤੋਂ ਬਾਅਦ ਦੋਵੇਂ ਬੱਸਾਂ ਅੱਗ ਦੀ ਲਪੇਟ ਵਿਚ ਆ ਗਈਆਂ।

# ਪਤੀ ਨਿਕ ਤੇ ਗੋਦੀ 'ਚ ਧੀ ਮਾਲਤੀ ਨਾਲ ਅਯੁੱਧਿਆ ਪਹੁੰਚੀ ਪ੍ਰਿਯੰਕਾ ਚੋਪੜਾ, ਰਾਮਲੱਲਾ ਦੇ ਕੀਤੇ ਦਰਸ਼ਨ

ਪ੍ਰਿਯੰਕਾ ਚੋਪੜਾ ਅਤੇ ਨਿਕ ਜੋਨਸ ਅੱਜਕਲ੍ਹ ਭਾਰਤ 'ਚ ਹਨ। ਦੋਵਾਂ ਨੂੰ ਵੱਖ-ਵੱਖ ਥਾਵਾਂ 'ਤੇ ਸਪਾਟ ਕੀਤਾ ਜਾ ਰਿਹਾ ਹੈ। ਕੁਝ ਸਮਾਂ ਪਹਿਲਾਂ ਅਦਾਕਾਰਾ ਆਪਣੇ ਪੂਰੇ ਪਰਿਵਾਰ ਨਾਲ ਅਯੁੱਧਿਆ ਪਹੁੰਚੀ ਸੀ। ਉਹ ਰਾਮ ਮੰਦਰ ਗਏ ਅਤੇ ਰਾਮਲੱਲਾ ਦੇ ਦਰਸ਼ਨ ਕੀਤੇ। ਵੀਡੀਓ 'ਚ ਪ੍ਰਿਅੰਕਾ ਪੀਲੇ ਰੰਗ ਦੀ ਸਾੜ੍ਹੀ ਅਤੇ ਹੱਥਾਂ 'ਚ ਚੂੜੀਆਂ ਪਾਈ ਨਜ਼ਰ ਆ ਰਹੀ ਹੈ। ਇਸ ਦੇ ਨਾਲ ਹੀ ਪ੍ਰਸ਼ੰਸਕਾਂ ਦੇ ਚਹੇਤੇ ਨਿਕ ਜੋਨਸ ਵੀ ਐਥਨਿਕ ਅਵਤਾਰ ਵਿੱਚ ਨਜ਼ਰ ਆ ਰਹੇ ਹਨ।


ਪ੍ਰਿਅੰਕਾ ਕੁਝ ਦਿਨ ਪਹਿਲਾਂ ਹੀ ਭਾਰਤ ਆਈ ਸੀ। ਉਸ ਤੋਂ ਬਾਅਦ ਨਿਕ ਜੋਨਸ ਵੀ ਭਾਰਤ ਪਹੁੰਚ ਗਏ। ਹੁਣ ਦੋਵੇਂ ਆਪਣੀ ਧੀ ਨਾਲ ਰਾਮ ਮੰਦਰ 'ਚ ਨਜ਼ਰ ਆਏ। ਸਾਰਾ ਪਰਿਵਾਰ ਰਾਮ ਦੇ ਨਾਮ ਦਾ ਤਿਲਕ ਲਗਾ ਕੇ ਸ਼ਰਧਾ ਵਿੱਚ ਲੀਨ ਹੋਇਆ ਨਜ਼ਰ



ਆਇਆ। ਅਦਾਕਾਰਾ ਨੇ ਪੀਲੇ ਰੰਗ ਦੀ ਸਾੜ੍ਹੀ ਪਾਈ ਹੋਈ ਹੈ ਅਤੇ ਉਸ ਦੇ ਹੱਥਾਂ ਵਿੱਚ ਬਹੁਤ ਸਾਰੀਆਂ ਚੂੜੀਆਂ ਹਨ। ਇਸ ਦੇ ਨਾਲ ਹੀ ਮਾਲਤੀ ਮੇਰੀ ਅਤੇ ਨਿਕ ਜੋਨਸ ਵੀ ਭਗਵਾਨ ਦੀ ਆਸਥਾ ਵਿੱਚ ਡੁੱਬੇ ਹੋਏ ਸਨ ਅਤੇ ਐਥਨਿਕ ਅੰਦਾਜ਼ ਵਿੱਚ ਨਜ਼ਰ ਆਏ। ਇਹ ਵੀਡੀਓ ਕੁਝ ਹੀ ਮਿੰਟਾਂ 'ਚ ਇੰਟਰਨੈੱਟ 'ਤੇ ਵਾਇਰਲ ਹੋ ਗਿਆ।

# ਮਨੀਲਾ ਵਿਚ ਪੰਜਾਬੀ ਨੌਜਵਾਨ ਦਾ ਕਤਲ

ਜਗਰਾਉਂ : ਮਨੀਲਾ ਤੋਂ ਮੰਦਭਾਗੀ ਖ਼ਬਰ ਸਾਹਮਣੇ ਆ ਰਹੀ ਹੈ ਜਿੱਥੇ ਕਿ ਪੰਜਾਬੀ ਨੌਜਵਾਨ ਦਾ ਕਤਲ ਕਰ ਦਿੱਤਾ ਗਿਆ। ਨੌਜਵਾਨ ਲੁਧਿਆਣਾ ਦੇ ਪਿੰਡ ਰਾਮਗੜ੍ਹ ਸਿਵਿਆ ਦਾ ਰਹਿਣ ਵਾਲਾ ਸੀ। ਮ੍ਰਿਤਕ ਦੀ ਪਛਾਣ ਅਵਤਾਰ ਸਿੰਘ 35 ਸਾਲ ਦੇ ਰੂਪ ਵਿਚ ਹੋਈ ਹੈ। ਮ੍ਰਿਤਕ 3 ਭੈਣਾਂ ਦਾ ਇਕਲੌਤਾ ਭਰਾ ਸੀ। ਪਿੰਡ ਨਿਵਾਸੀ ਇੰਦਰਪਾਲ ਸਿੰਘ ਨੇ ਦੱਸਿਆ ਕਿ ਅਵਤਾਰ ਸਿੰਘ ਕਰੀਬ ਸੱਤ-ਅੱਠ ਸਾਲ ਪਹਿਲਾਂ ਅਪਣੀ ਭੈਣ ਕੋਲ ਮਨੀਲਾ ਗਿਆ ਸੀ। ਉਥੇ ਜਾ ਕੇ ਉਸ ਨੇ ਫਾਇਨਾਂਸ ਦਾ ਕੰਮ ਸ਼ੁਰੂ ਕੀਤਾ ਸੀ। ਉਨ੍ਹਾਂ ਦੱਸਿਆ ਕਿ ਮ੍ਰਿਤਕ ਅਵਤਾਰ ਸਿੰਘ ਦੇ ਕੋਲ ਪਿੰਡ ਵਿਚ 10-12 ਏਕੜ ਜ਼ਮੀਨ ਸੀ। ਲੇਕਿਨ ਕੁਦਰਤ ਦੀ ਅਜਿਹੀ ਮਾਰ ਪਈ ਅਤੇ ਘਰ ਦੇ ਹਾਲਾਤ ਅਜਿਹੇ ਬਣ ਗਏ ਕਿ ਉਸ ਦੀ ਹੌਲੀ ਹੌਲੀ ਜ਼ਮੀਨ ਵਿਕਦੀ ਚਲੀ ਗਈ। ਜਿਸ ਤੋਂ ਬਾਅਦ ਉਸ ਦੀ ਮਨੀਲਾ ਵਿਚ ਅਪਣੇ ਪਤੀ ਨਾਲ ਰਹਿੰਦੀ ਭੈਣ ਨੇ ਅਪਣੇ ਛੋਟੇ ਭਰਾ ਨੂੰ ਵੀ ਅਪਣੇ ਕੋਲ ਬੁਲਾ ਲਿਆ। ਉਥੇ ਜਾ ਕੇ ਉਹ ਫਾਇਨਾਂਸ ਦਾ ਕੰਮ ਕਰਨ ਲੱਗਾ। ਇਸ ਦੌਰਾਨ ਪਿੰਡ ਵਿਚ ਉਸ ਦੇ ਪਿਤਾ ਦੀ ਮੌਤ ਹੋ ਗਈ। ਜਿਸ ਤੋਂ ਬਾਅਦ ਮਾਂ ਵੀ ਅਪਣੀ ਬੇਟੀ ਦੇ ਕੋਲ ਜਾ ਕੇ ਰਹਿਣ ਲੱਗੀ ਸੀ। ਪਿੰਡ ਵਾਲਿਆਂ ਮੁਤਾਬਕ ਮ੍ਰਿਤਕ ਅਵਤਾਰ ਸਿੰਘ ਫਾਇਨਾਂਸ ਦਾ ਕੰਮ ਕਰਦਾ ਸੀ ਉਹ ਪੇਮੰਟ ਇਕੱਠੀ ਕਰਨ ਲਈ ਘਰੋਂ ਗਿਆ ਸੀ। ਪਰ ਰਸਤੇ ਵਿਚ ਕੁਝ ਹਮਲਾਵਰਾਂ ਨੇ ਉਸ ਦੀ ਜਾਨ ਲੈ ਲਈ। ਭਾਰਤ ਵਾਸੀਆਂ ਦੀ ਹੱਤਿਆਵਾਂ ਨੂੰ ਲੈ ਕੇ ਪਿੰਡ ਵਾਸੀਆਂ ਨੇ ਸਰਕਾਰ ਕੋਲੋਂ ਕੋਈ ਪੁਖਤਾ ਕਦਮ ਚੁੱਕਣ ਦੀ ਮੰਗ ਕੀਤੀ ਹੈ।



# ਕੈਨੇਡਾ ਮੰਦੀ ਦੀ ਮਾਰ ਤੋਂ ਬਚ ਗਿਆ ਪਰ 800 ਕੰਪਨੀਆਂ ਦੀਵਾਲੀਆ

ਸਰੀ : ਬ੍ਰਿਟੇਨ ਸਮੇਤ ਦੁਨੀਆ ਦੇ ਕਈ ਦੇਸ਼ ਇਸ ਸਮੇਂ ਮੰਦੀ ਦੀ ਲਪੇਟ 'ਚ ਹਨ। ਜਾਪਾਨ ਇਸ ਤੋਂ ਥੋੜ੍ਹਾ ਬਚ ਗਿਆ, ਪਰ ਹੁਣ ਕੈਨੇਡਾ ਦੇ ਮੰਦੀ ਵਿੱਚ ਫਸਣ ਦਾ ਖ਼ਤਰਾ ਹੈ। ਦੇਸ਼ ਵਿੱਚ ਦੀਵਾਲੀਆਪਨ ਲਈ ਅਰਜ਼ੀ ਦੇਣ ਵਾਲੀਆਂ ਕੰਪਨੀਆਂ ਦੀ ਗਿਣਤੀ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ। ਇਕੱਲੇ ਜਨਵਰੀ ਵਿਚ 800 ਤੋਂ ਵੱਧ ਕੰਪਨੀਆਂ ਨੇ ਦੀਵਾਲੀਆਪਨ ਲਈ ਦਾਇਰ ਕੀਤੀ ਸੀ। ਇਸ ਤੋਂ ਪਹਿਲਾਂ 2023 ਵਿੱਚ, ਦੇਸ਼ ਵਿੱਚ ਦੀਵਾਲੀਆਪਨ ਫਾਈਲਿੰਗ ਵਿੱਚ ਲਗਭਗ 40 ਪ੍ਰਤੀਸ਼ਤ ਦਾ ਵਾਧਾ ਹੋਇਆ ਸੀ। ਦੀਵਾਲੀਆਪਨ ਲਈ ਅਰਜ਼ੀ ਦੇਣ ਵਾਲੀਆਂ ਕੰਪਨੀਆਂ ਦੀ ਗਿਣਤੀ 13 ਸਾਲਾਂ ਵਿੱਚ ਸਭ ਤੋਂ ਵੱਧ ਹੈ। ਕੋਰੋਨਾ ਮਿਆਦ ਦੇ ਦੌਰਾਨ, ਕੰਪਨੀਆਂ ਨੂੰ $45,000 ਦਾ ਵਿਆਜ ਮੁਕਤ ਕਰਜ਼ਾ ਦਿੱਤਾ ਗਿਆ ਸੀ, ਜਿਸ ਦੀ ਮੁੜ ਅਦਾਇਗੀ ਦੀ ਸਮਾਂ ਸੀਮਾ ਜਨਵਰੀ ਵਿੱਚ ਖਤਮ ਹੋ ਗਈ ਸੀ। ਛੋਟੀਆਂ ਕੰਪਨੀਆਂ ਕੈਨੇਡਾ ਦੀ ਕੁੱਲ ਘਰੇਲੂ ਪੈਦਾਵਾਰ ਦਾ ਲਗਭਗ 33 ਪ੍ਰਤੀਸ਼ਤ ਹਿੱਸਾ ਬਣਾਉਂਦੀਆਂ ਹਨ। ਸਵਾਲ ਪੈਦਾ ਹੁੰਦਾ ਹੈ ਕਿ ਕੀ ਕੈਨੇਡਾ ਮੰਦੀ ਵੱਲ ਵਧ ਰਿਹਾ ਹੈ? ਕੈਨੇਡੀਅਨ ਸਰਕਾਰ ਦੇ ਅੰਕੜਿਆਂ ਅਨੁਸਾਰ ਦੇਸ਼ ਦੀ ਆਰਥਿਕਤਾ ਮਜ਼ਬੂਤ ਬਣੀ ਹੋਈ ਹੈ। ਪਰ ਛੋਟੀਆਂ ਕੰਪਨੀਆਂ ਅਤੇ ਬਹੁਤ ਸਾਰੇ ਖਪਤਕਾਰ ਸੰਘਰਸ਼ ਕਰ ਰਹੇ ਹਨ। ਕੈਨੇਡਾ ਦੀ ਆਰਥਿਕਤਾ ਦਸੰਬਰ 'ਚ 0.3 ਫੀਸਦੀ ਵਧਣ ਦੀ ਉਮੀਦ ਹੈ। ਇਸ ਤਰ੍ਹਾਂ ਚੌਥੀ ਤਿਮਾਹੀ 'ਚ 1.2 ਫੀਸਦੀ ਦੇ ਵਾਧੇ ਦੀ ਸੰਭਾਵਨਾ ਹੈ। ਤੀਜੀ ਤਿਮਾਹੀ 'ਚ ਦੇਸ਼ ਦੀ ਜੀਡੀਪੀ 'ਚ 1.1 ਫੀਸਦੀ ਦੀ ਗਿਰਾਵਟ ਦਰਜ ਕੀਤੀ ਗਈ ਸੀ। ਲਗਾਤਾਰ ਦੋ ਤਿਮਾਹੀਆਂ ਵਿੱਚ ਆਮਦਨ ਵਿੱਚ ਗਿਰਾਵਟ ਨੂੰ ਮੰਦੀ ਕਿਹਾ ਜਾਂਦਾ ਹੈ। ਇਸ ਤਰ੍ਹਾਂ ਦੇਖੀਏ ਤਾਂ ਕੈਨੇਡਾ ਇਸ ਵੇਲੇ ਮੰਦੀ ਦੀ ਮਾਰ ਹੇਠ ਆਉਣ ਤੋਂ ਬਚ ਗਿਆ ਹੈ। ਪਰ ਜਨਵਰੀ ਵਿਚ ਜਿਸ ਤਰ੍ਹਾਂ 800 ਕੰਪਨੀਆਂ ਨੇ ਇਕ ਤੋਂ ਬਾਅਦ ਇਕ ਦੀਵਾਲੀਆਪਨ ਲਈ ਅਰਜ਼ੀਆਂ ਦਿੱਤੀਆਂ, ਉਸ ਨਾਲ ਮੰਦੀ ਦਾ ਡਰ ਇਕ ਵਾਰ ਫਿਰ ਸਿਰ ਚੁੱਕਣ ਲੱਗਾ ਹੈ।



# ਪੰਜਾਬੀ ਸਿੱਖਣ ਲਈ ਕਿਤਾਬਾਂ

## ਜੀ ਸੀ ਐਸ ਈ ਦੀ ਤਿਆਰੀ ਲਈ ਬੱਚਿਆਂ ਨੂੰ ਤੋਹਫ਼ੇ GIFT ਵਜੋਂ ਇਹ ਕਿਤਾਬਾਂ ਦਿਓ ਤੇ ਪੰਜਾਬੀ ਨਾਲ ਜੋੜੋ

[illegible] (Work Books) [illegible]




[illegible] £15.00 [illegible]

Whats App (M) 07966 388388

**PANJAB TIMES**

Bridle Gate Lane, Alvaston, Derby, DE24 0QW, U.K.
Email: panjabtimes@gmail.com,
www.panjabtimes.co.uk Tel: 01332 372 851

www.fb.com/punjabtimesuk



# ਨਿਰਮਾਨ ਸੇਵਕ ਜਥਾ ਸਿੱਖ ਟੈਂਪਲ, ਬ੍ਰਿਸਟਲ ਵਿਖੇ ਕੀਰਤਨੀ ਜਥੇ (ਦੋ ਧਾਰਮਿਕ ਸੇਵਾਦਾਰਾਂ) ਦੀ ਲੋੜ

**An opportunity has arisen for two Religious Workers at Nirman Sewak Jatha Sikh Heritage Ltd in Bristol**

**The duties of the Religious Workers will include:**
Reading from Guru Granth Sahib Ji, Hymn singing, reciting prayers. Assisting and conducting daily and weekly Diwans, marriages, engagements, funerals and other religious ceremonies. Should be able to teach Gurbani Kirtan, Path and playing instruments (i.e. Vaaja and Tabla). Working collaboratively with the Managing Committee and volunteers. The workers will be responsible for locking and unlocking the Gurdwara premises.

**LOCATION: BRISTOL UK, NIRMAN SEWAK JATHA**
**11 SUMMERHILL ROAD, ST. GEORGE, BRISTOL UK BS5 8HG**

**REQUIREMENTS:** Must be able to read and speak Punjabi (Gurmukhi). Clean character certificate required from previous employer. Should have good communicational and interpersonal skills. A clean DBS or equivalent check is required if accepted. Preference will be given to qualified and experienced candidates who should be a UK resident or have the right to work in the UK.

**DURATION & REMUNERATION:** Employment will consist of 20 hours per week. The first 3 months will be a probation period. If performance is satisfactory the duration could be extended to 12 Months.

**RATE: Salary will be in accordance to UK employment law, plus reasonable expenses.**

**HOW TO APPLY:** CV supplemented with video evidence and the details of 2 referees.

**CLOSING DATE: 3rd April 2024**

**PLEASE APPLY TO ADDRESS BELOW OR CONTACT**
**MR. BALDEV SINGH ROUDH 07830517552**
**Email:secretary@nirmansewakjatha.org.uk**

**Nirman Sewak Jatha - Sikh Temple, Bristol**
**11 Summerhill Road, St. George, Bristol, BS5 8HG, U.K.**



# GSD

# GSD ESTATE AGENTS

**RESIDENTIAL & COMMERCIAL PROPERTY EXPERTS**
**SALES • LETTINGS • MANAGEMENT**

**EXPERIENCED & INDEPENDENT**
**FAMILY OWNED & OPERATED**

**How much is your home worth ?**
More properties wanted for qualified applicants
**We can sell or let your properties fast**
2-3 year rent guarantee schemes available

# ਜੀ. ਐਸ. ਡੀ. ਇਸਟੇਟ ਏਜੰਟਸ

**ਤੁਹਾਡੇ ਘਰ ਦੀ ਕਿੰਨੀ ਕੀਮਤ ਹੈ ?**
ਤੁਹਾਡੀ ਜਾਇਦਾਦ ਵੇਚਣ ਜਾਂ ਕਿਰਾਏ 'ਤੇ ਦੇਣ ਲਈ ਤੁਹਾਡੀ ਮਦਦ ਕਰ ਸਕਦੇ ਹਾਂ ।
ਯੋਗ ਅਰਜ਼ੀ ਕਰਤਾਵਾਂ ਲਈ ਹੋਰ ਜਾਇਦਾਦਾਂ ਚਾਹੀਦੀਆਂ ਹਨ ।
ਗਰੰਟੀ 'ਤੇ ਕਿਰਾਏ ਲਈ ੨-੩ ਸਾਲ ਦੀਆਂ ਯੋਜਨਾਵਾਂ ਵੀ ਉਪਲੱਬਧ ਹਨ ।
ਜਾਇਦਾਦ ਸਬੰਧੀ ਤਜਰਬੇਕਾਰ ਤੇ ਪ੍ਰੋਫੈਸ਼ਨਲ ਮਾਹਿਰਾਂ ਦੀ ਸਲਾਹ ਜ਼ਰੂਰ ਲਵੋ

**EXCELLENCE AS STANDARD** *Supporting a greener future*

**Director: Mr Gurjeet Singh Dhariwal**

**Visit our website: www.gsdestates.com**
**Tel: 020 8570 1284 Email: info@gsdestates.com**
**10 New Heston Road, Heston, TW5 0LJ**
GSD Estate Agents Ltd. Company No: 06529322. All rights reserved



# ਸੁਮਨ ਮੈਰਿਜ ਬਿਊਰੋ (ਇੰਟਰਨੈਸ਼ਨਲ)

## UK's FIRST ASIAN MARRIAGE BUREAU

**Guaranteed introduction service - Since 1972**
CURRENTLY SEEKING MATCHES FOR THE FOLLOWING
JAT SIKH GIRLS (F) & BOYS (M) - (*with turban/beard):

| | | | | |
|---|---|---|---|---|
| 26 | 5'04" | BSc Optometry | Optometrist | Single (F) |
| 27 | 5'03" | B.A. History | Product Manager | Single (F) |
| 27 | 5'07" | M.D. | Doctor | Single (F) |
| 29 | 5'09" | LLB (Hons) | Lawyer (Solicitor) | Single (F) |
| 29 | 5'08" | DDA | Dentist | Single (F) |
| 29 | 5'04" | LLB (Hons) , LPC | Trainee Solicitor | Single (F) |
| 29 | 5'07" | ACCA | Accountant | Single (F) |
| 27 | 6'02" | Graduate | Financial Sector | Single (M) |
| 29 | 5'10"+ | MBChB | Doctor-GP Training | Single (M) |
| 29* | 6'00" | M.Pharms | Pharmacy Area Man. | Single (M) |
| 29 | 6'04" | Graduation | Business Owner | Single (M) |
| 30 | 5'11" | Graduation | Business Owner | Single (M) |

**OVER 50 YEARS OF MATCHMAKING**
Please feel free to contact us to discuss your requirements in confidence and without any obligation! English/Punjabi spoken.

# SUMAN MARRIAGE BUREAU

**Bespoke Matchmaking Service**

**0121 582 9995 or 020 8571 5145**

**WhatsApp/Signal: 07485 708717**

Web: **www.s-m-b.com** Email: **info@s-m-b.com**

Providing a personal matchmaking service for all Asian communities
Follow us on Facebook: www.facebook.com/SumanMarriageBureau
Instagram: @SumanMarriageBureau

**WE HAVE CLIENTS ALL OVER UK**


Face value
Glasses from only £15
You're better off with Specsavers
Includes standard single-vision lenses only
Specsavers

# ਸੰਗਰੂਰ ਦੇ ਪਿੰਡ ਗੁੱਜਰਾਂ ਵਿੱਚ ਜਹਿਰੀਲੀ ਸ਼ਰਾਬ ਪੀਣ ਨਾਲ 2 ਸਕੇ ਭਰਾਵਾਂ ਸਮੇਤ 5 ਦੀ ਮੌਤ

ਸੰਗਰੂਰ (ਦਲਜੀਤ ਕੌਰ)- ਜ਼ਿਲ੍ਹਾ ਸੰਗਰੂਰ ਦੇ ਦਿੜ੍ਹਬਾ ਮੰਡੀ ਦੇ ਗੁੱਜਰਾਂ ਪਿੰਡ ਦੇ 5 ਵਿਅਕਤੀਆਂ ਦੀ ਬੁੱਧਵਾਰ ਨੂੰ ਜ਼ਹਿਰੀਲੀ ਸ਼ਰਾਬ ਪੀਣ ਨਾਲ ਦੀ ਮੌਤ ਹੋ ਗਈ ਹੈ। ਮਰਨ ਵਾਲਿਆਂ ਦੀ ਪਛਾਣ ਲਾਡੀ ਸਿੰਘ (21), ਭੋਲਾ ਸਿੰਘ (50), ਨਿਰਮਲ ਸਿੰਘ (42), ਪ੍ਰਗਟ ਸਿੰਘ (42) ਅਤੇ ਜਗਜੀਤ ਸਿੰਘ (30) ਵਜੋਂ ਕੀਤੀ ਗਈ ਹੈ ਅਤੇ ਪੁਲਿਸ ਨੇ ਲਾਸ਼ਾਂ ਪੋਸਟਮਾਰਟਮ ਲਈ ਹਸਪਤਾਲ ਭੇਜ ਦਿੱਤੀਆਂ ਹਨ। ਪੰਜ ਵਿਅਕਤੀ ਹਸਪਤਾਲ ਵਿੱਚ ਜ਼ੇਰੇ-ਇਲਾਜ ਹਨ। ਮਿਰਤਕ ਦਲਿਤ ਪਰਿਵਾਰਾਂ ਨਾਲ ਸੰਬੰਧਤ ਸਨ। ਪੰਜ ਮੌਤਾਂ ਕਾਰਨ ਪਿੰਡ ਵਿੱਚ ਸੋਗ ਦੀ ਲਹਿਰ ਹੈ। ਦਿੜ੍ਹਬਾ ਪੁਲਿਸ ਨੇ ਪਹੁੰਚ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ 5 ਵਿਆਕਤੀ ਹਸਪਤਾਲ ਭਰਤੀ ਹਨ ਜਿਨ੍ਹਾਂ ਵਿਚੋਂ 2 ਦੀ ਸਥਿਤੀ ਗੰਭੀਰ ਦੱਸੀ ਜਾ ਰਹੀ ਹੈ। ਪਰਿਵਾਰ ਦਾ ਕਹਿਣਾ ਹੈ ਕਿ ਉਹ ਸਵੇਰ ਤੋਂ ਹੀ ਖੂਨ ਦੀਆਂ ਉਲਟੀਆਂ ਕਰ ਰਹੇ ਸਨ ਤੇ ਇਸ ਸਮੇਂ ਉਹਨਾਂ ਨੂੰ ਅੱਖਾਂ ਤੋਂ ਦਿਖਣਾ ਬੰਦ ਹੋ ਚੁੱਕਾ ਹੈ। ਮ੍ਰਿਤਕ ਵਿਅਕਤੀ 'ਚ ਨਿਰਮਲ ਸਿੰਘ ਅਤੇ ਪ੍ਰਗਟ ਸਿੰਘ ਜੌੜੇ ਭਰਾ ਸੀ। ਪ੍ਰਾਪਤ ਜਾਣਕਾਰੀ ਅਨੁਸਾਰ ਉਹ ਦੋਵੇਂ ਜਣੇ ਦਿਹਾੜੀ ਕਰਕੇ ਆਏ ਸਨ।

ਸਿਵਲ ਹਸਪਤਾਲ ਸੰਗਰੂਰ ਵਿੱਚ ਮਰੀਜ਼ਾਂ ਦਾ ਇਲਾਜ ਕਰ ਰਹੇ ਡਾ. ਰਾਹੁਲ ਨੇ ਦੱਸਿਆ, "ਸਾਡੇ ਕੋਲ ਸਵਾ ਗਿਆਰਾਂ ਦੇ ਕਰੀਬ ਗੁੱਜਰਾਂ ਤੋਂ ਤਿੰਨ ਮਰੀਜ਼ ਆਏ ਹਨ। ਉਨ੍ਹਾਂ ਵਿੱਚ ਮੀਥਾਨੌਲ ਦੀ ਜ਼ਹਿਰ ਦੇ ਲੱਛਣ ਹਨ। ਤਿੰਨ੍ਹਾਂ ਦੀ ਜਾਂਚ ਅੱਖਾਂ ਦੇ ਸਰਜਨ ਅਤੇ ਮਨੋਰੋਗ ਮਾਹਰ ਨੇ ਕਰ ਲਈ ਹੈ। ਤਿੰਨ੍ਹਾਂ ਵਿੱਚੋਂ ਲਾਡੀ ਨਾਮ ਦੇ ਮਰੀਜ਼ ਬਾਰੇ ਆਈ ਸਰਜਨ ਨੂੰ ਲਗਦਾ ਹੈ ਕਿ ਉਸਦੀਆਂ ਅੱਖਾਂ ਉੱਤੇ ਅਸਰ ਹੋ ਗਿਆ ਹੈ। ਸਰਜਨ ਡਾ. ਸ਼ਵੀਨਾ ਗਰਗ ਨੇ ਦੱਸਿਆ, "ਲਾਡੀ ਤੋਂ ਇਲਾਵਾ ਬਾਕੀ ਦੋ ਮਰੀਜ਼ ਫਿਲਹਾਲ ਠੀਕ ਹਨ। ਹਾਲਾਂਕਿ ਉਨ੍ਹਾਂ ਨੂੰ ਵੀ ਨਿਗਰਾਨੀ ਹੇਠ ਹੀ ਰੱਖਣਾ ਪਵੇਗਾ ਕਿਉਂਕਿ ਮਿਥੇਨੋਲ ਦਾ ਅਸਰ ਦੇਰੀ ਨਾਲ ਵੀ ਆਉਂਦਾ ਹੈ।"

ਉਧਰ ਦਿੜ੍ਹਬਾ ਦੇ ਪਿੰਡ ਗੁੱਜਰਾਂ ਵਿਖੇ 5 ਵਿਅਕਤੀਆਂ ਦੀ ਗੈਰ ਕੁਦਰਤੀ ਤੌਰ 'ਤੇ ਹੋਈ ਮੌਤ ਦੇ ਮਾਮਲੇ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਨੇ ਫੌਰੀ ਕਦਮ ਚੁੱਕਦਿਆਂ ਹਾਈ ਪਾਵਰ ਜਾਂਚ ਕਮੇਟੀ ਦਾ ਗਠਨ ਕੀਤਾ ਹੈ ਜੋ ਕਿ ਇਨ੍ਹਾਂ ਮੌਤਾਂ ਦੇ ਕਾਰਨਾਂ ਦੀ ਜਾਂਚ ਲਈ ਵੱਖ-ਵੱਖ ਪਹਿਲੂਆਂ ਤੇ ਤੱਥਾਂ ਦੇ ਆਧਾਰ 'ਤੇ ਪੜਤਾਲ ਕਰਕੇ ਅਗਲੇ 72 ਘੰਟਿਆਂ ਵਿੱਚ ਆਪਣੀ ਰਿਪੋਰਟ ਸੌਂਪੇਗੀ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਐਸ.ਐਸ.ਪੀ ਸਰਤਾਜ ਸਿੰਘ ਚਹਿਲ ਸਮੇਤ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਹਾਈ ਪਾਵਰ ਜਾਂਚ ਕਮੇਟੀ ਦਾ ਚੇਅਰਮੈਨ ਐਸ.ਡੀ.ਐਮ ਦਿੜ੍ਹਬਾ ਨੂੰ ਲਗਾਇਆ ਗਿਆ ਹੈ ਜਦਕਿ ਡੀ.ਐਸ.ਪੀ ਦਿੜ੍ਹਬਾ, ਸੀਨੀਅਰ ਮੈਡੀਕਲ ਅਫ਼ਸਰ ਦਿੜ੍ਹਬਾ ਤੇ ਈ.ਟੀ.ਓ ਦਿੜ੍ਹਬਾ (ਆਬਕਾਰੀ) ਨੂੰ ਮੈਂਬਰ ਲਗਾਇਆ ਗਿਆ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਿਹਤ ਵਿਭਾਗ, ਐਕਸਾਈਜ਼ ਵਿਭਾਗ, ਪੁਲਿਸ ਤੇ ਸਿਵਲ ਪ੍ਰਸ਼ਾਸਨ 'ਤੇ ਅਧਾਰਿਤ ਇਸ ਟੀਮ ਦੀ ਰਿਪੋਰਟ ਤੋਂ ਬਾਅਦ ਇਸ ਦੁਖਾਂਤਕ ਘਟਨਾ ਲਈ ਜ਼ਿੰਮੇਵਾਰ ਪਾਏ ਜਾਣ ਵਾਲੇ ਵਿਅਕਤੀਆਂ ਖਿਲਾਫ਼ ਸਖਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਐਡੀਲੇਡ ਵਿੱਚ ਤਿੰਨ ਦਿਨਾ ਆਸਟਰੇਲੀਅਨ ਸਿੱਖ ਖੇਡਾਂ 29 ਤੋਂ

ਐਡੀਲੇਡ- ਆਸਟਰੇਲੀਆ ਵਿੱਚ ਸਿੱਖੀ ਦੀ ਪਛਾਣ 36ਵੀਆਂ ਆਸਟਰੇਲੀਅਨ ਸਿੱਖ ਖੇਡਾਂ ਦੱਖਣੀ ਆਸਟਰੇਲੀਆ ਦੀ ਰਾਜਧਾਨੀ ਐਡੀਲੇਡ ਵਿੱਚ 29 , 30 ਤੇ 31 ਮਾਰਚ ਨੂੰ ਐਡੀਲੇਡ ਹਾਈ ਸਕੂਲ ਦੇ ਖੇਡ ਮੈਦਾਨ ਵਿੱਚ ਕਰਵਾਈਆਂ ਜਾ ਰਹੀਆਂ ਹਨ। ਆਸਟਰੇਲੀਅਨ ਸਿੱਖ ਖੇਡਾਂ ਸਾਊਥ ਆਸਟਰੇਲੀਆ ਦੇ ਮੀਤ ਪ੍ਰਧਾਨ ਸੁਖਵਿੰਦਰ ਪਾਲ ਸਿੰਘ ਬੱਲ ਨੇ ਦੱਸਿਆ ਕਿ ਆਸਟਰੇਲੀਆ ਸਮੇਤ ਗੁਆਂਢੀ ਮੁਲਕਾਂ ਤੋਂ ਕਰੀਬ 283 ਖੇਡ ਟੀਮਾਂ ਤੇ ਕਲੱਬਾਂ ਨੇ ਖੇਡਣ ਲਈ ਨਾਮ ਦਰਜ ਕਰਵਾਏ ਹਨ ਅਤੇ ਵੱਖ-ਵੱਖ ਖੇਡਾਂ ਨਾਲ ਸਬੰਧਤ ਲਗਪਗ 1100 ਅਥਲੀਟਾਂ ਦੇ ਇਨ੍ਹਾਂ ਖੇਡਾਂ ਵਿੱਚ ਸ਼ਾਮਲ ਹੋਣ ਦੀ ਆਸ ਹੈ। ਉਨ੍ਹਾਂ ਮੁਤਾਬਕ ਤਿੰਨ ਰੋਜ਼ਾ ਆਸਟਰੇਲੀਅਨ ਸਿੱਖ ਖੇਡਾਂ ਵਿੱਚ ਕਰੀਬ ਇਕ ਲੱਖ ਲੋਕਾਂ ਦੇ ਪੁੱਜਣ ਦਾ ਅਨੁਮਾਨ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡਾਂ ਲਈ ਤਜਰਬੇਕਾਰ ਪ੍ਰਬੰਧਕ ਨਿਯੁਕਤ ਕੀਤੇ ਗਏ ਹਨ। ਇਸ ਦੌਰਾਨ ਲੰਗਰ ਦੇ ਪ੍ਰਬੰਧ ਤੋਂ ਇਲਾਵਾ ਖੇਡ ਮੈਦਾਨ ਵਿੱਚ ਖੇਡ ਪ੍ਰੇਮੀਆਂ ਤੇ ਸਿੱਖ ਸੰਗਤ ਦੇ ਪੁੱਜਣ ਲਈ ਐਡੀਲੇਡ ਦੇ ਹਵਾਈ ਅੱਡੇ ਅਤੇ ਹੋਰ ਵੱਖ-ਵੱਖ ਥਾਵਾਂ ਤੋਂ ਮੁਫ਼ਤ ਬੱਸ ਸੇਵਾਵਾਂ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸਿੱਖ ਖੇਡਾਂ ਲਈ ਸਰਕਾਰ ਤੋਂ ਇਲਾਵਾ ਕਾਰੋਬਾਰੀ ਵਾਲੰਟੀਅਰ, ਸਿੱਖ ਸੰਸਥਾਵਾਂ ਅਤੇ ਸੰਗਤ ਬਹੁਤ ਸਹਿਯੋਗ ਦੇ ਰਹੀ ਹੈ।

ਆਸਟਰੇਲੀਅਨ ਸਿੱਖ ਗੇਮਜ਼ ਦੇ ਸੰਸਥਾਪਕ ਮੈਂਬਰ ਮਹਾਬੀਰ ਸਿੰਘ ਗਰੇਵਾਲ ਤੇ ਸੁਰਿੰਦਰ ਸਿੰਘ ਨੇ ਦੱਸਿਆ ਕਿ ਇਹ ਖੇਡਾਂ ਆਸਟਰੇਲੀਆ ਦੇ ਵੱਖ-ਵੱਖ ਸੂਬਿਆਂ ਵਿੱਚ ਪੜਾਅਵਾਰ ਕਰਵਾਈਆਂ ਜਾਂਦੀਆਂ ਹਨ ਅਤੇ ਦੱਖਣੀ ਆਸਟਰੇਲੀਆ ਵਿੱਚ ਇਹ ਖੇਡਾਂ ਆਖਰੀ ਵਾਰ 2017 ਵਿੱਚ ਹੋਈਆਂ ਸਨ। 36ਵੀਆਂ ਸਿੱਖ ਖੇਡਾਂ ਦੱਖਣੀ ਆਸਟਰੇਲੀਆ ਵਿੱਚ 29, 30 ਤੇ 31 ਮਾਰਚ ਨੂੰ ਹੋਣ ਜਾ ਰਹੀਆਂ ਹਨ। ਇੱਥੇ ਦੱਸਣਯੋਗ ਹੈ ਕਿ ਦੱਖਣੀ ਆਸਟਰੇਲੀਆ ਵਿੱਚ ਖੇਡ ਕਲੱਬਾਂ ਤੇ ਸਭਿਆਚਾਰਕ ਗਰੁੱਪਾਂ ਵਿੱਚ ਆਸਟਰੇਲੀਅਨ ਸਿੱਖ ਗੇਮਜ਼ ਨੂੰ ਲੈ ਕੇ ਭਾਰੀ ਉਤਸ਼ਾਹ ਹੈ।

## ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਨੌਜਵਾਨਾਂ ਨੂੰ ਹੁੱਲੜਬਾਜ਼ੀ ਤੋਂ ਗੁਰੇਜ਼ ਕਰਨ ਲਈ ਕਿਹਾ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤ ਨੂੰ ਅਪੀਲ ਕੀਤੀ ਹੈ ਕਿ ਖ਼ਾਲਸਈ ਜਾਹੋ ਜਲਾਲ ਦੇ ਪ੍ਰਤੀਕ ਹੋਲੇ ਮਹੱਲੇ ਨੂੰ ਧਾਰਮਿਕ ਰਵਾਇਤਾਂ ਅਨੁਸਾਰ ਮਨਾਇਆ ਜਾਵੇ ਤੇ ਕਿਸੇ ਵੀ ਤਰ੍ਹਾਂ ਦੀ ਹੁਲੜਬਾਜ਼ੀ ਤੋਂ ਗੁਰੇਜ਼ ਕੀਤਾ ਜਾਵੇ। ਇੱਥੇ ਉਨ੍ਹਾਂ ਦੀ ਪ੍ਰਧਾਨਗੀ ਹੇਠ ਧਰਮ ਪ੍ਰਚਾਰ ਕਮੇਟੀ ਦੀ ਮੀਟਿੰਗ ਹੋਈ, ਜਿਸ ਵਿੱਚ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਬੰਧੀ ਗੁਰ-ਦੁਆਰਾ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਵਿਸ਼ੇਸ਼ ਦਫ਼ਤਰ ਖੋਲ੍ਹਣ ਨੂੰ ਵੀ ਪ੍ਰਵਾਨਗੀ ਦਿੱਤੀ ਗਈ।

# ਡਿਬਰੂਗੜ੍ਹ ਜੇਲ੍ਹ 'ਚ ਬੰਦ ਅੰਮ੍ਰਿਤਪਾਲ ਸਿੰਘ ਤੇ ਸਾਥੀਆਂ 'ਤੇ ਨਵੇਂ ਸਿਰਿਓਂ ਲਗਾਇਆ ਐਨਐੱਸਏ



ਚੰਡੀਗੜ੍ਹ : ਡਿਬਰੂਗੜ੍ਹ ਜੇਲ੍ਹ 'ਚ ਬੰਦ ਅੰਮ੍ਰਿਤਪਾਲ ਸਿੰਘ ਸਮੇਤ ਉਸ ਦੇ ਸਾਰੇ ਸਾਥੀਆਂ 'ਤੇ ਪੰਜਾਬ ਸਰਕਾਰ ਨੇ ਨਵੇਂ ਸਿਰੇ ਤੋਂ ਐਨਐੱਸਏ ਲਗਾ ਦਿੱਤਾ ਹੈ। ਇਹ ਜਾਣਕਾਰੀ ਪੰਜਾਬ ਸਰਕਾਰ ਵੱਲੋਂ ਹਾਈ ਕੋਰਟ ਵਿਚ ਦਿੱਤੀ ਗਈ। ਸੁਣਵਾਈ ਦੌਰਾਨ ਜਦੋਂ ਅੰਮ੍ਰਿਤਪਾਲ ਸਿੰਘ ਸਮੇਤ ਉਸ ਦੇ ਸਾਰੇ ਦਸ ਸਾਥੀਆਂ ਵੱਲੋਂ ਕੋਰਟ ਨੂੰ ਦੱਸਿਆ ਗਿਆ ਕਿ ਪਿਛਲੇ ਸਾਲ 18 ਮਾਰਚ ਨੂੰ ਇਨ੍ਹਾਂ ਸਾਰਿਆਂ ਖ਼ਿਲਾਫ਼ ਐਨਐੱਸਏ ਲਗਾ ਕੇ ਉਨ੍ਹਾਂ ਨੂੰ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਭੇਜਿਆ ਗਿਆ ਸੀ, ਐਨਐੱਸਏ ਦੇ ਆਦੇਸ਼ ਇਕ ਸਾਲ ਤੱਕ ਹੀ ਲਾਗੂ ਹੋ ਸਕਦੇ ਹਨ। ਹੁਣ ਇਹ ਆਦੇਸ਼ ਖਤਮ ਹੋ ਚੁੱਕੇ ਹਨ, ਇਸ 'ਤੇ ਪੰਜਾਬ ਸਰਕਾਰ ਵੱਲੋਂ ਪੇਸ਼ ਹੋਏ ਐਡੀਸ਼ਨਲ ਐਡਵੋਕੇਟ ਜਨਰਲ ਨੇ ਹਾਈ ਕੋਰਟ ਨੂੰ ਦੱਸਿਆ ਕਿ ਇਨ੍ਹਾਂ ਸਾਰਿਆਂ ਖ਼ਿਲਾਫ਼ ਨਵੇਂ ਸਿਰਿਓਂ ਐਨਐੱਸਏ ਲਗਾਇਆ ਗਿਆ ਹੈ। ਹਾਈ ਕੋਰਟ ਨੇ ਜਦੋਂ ਇਸ ਦੀ ਜਾਣਕਾਰੀ ਮੰਗੀ ਤਾਂ ਸਰਕਾਰ ਨੇ ਅਗਲੀ ਸੁਣਵਾਈ 'ਤੇ ਇਨ੍ਹਾਂ ਆਦੇਸ਼ਾਂ ਦੀ ਪੂਰੀ ਜਾਣਕਾਰੀ ਦੇਣ ਲਈ ਸਮੇਂ ਦੀ ਮੰਗ ਕੀਤੀ।

# ਕਰਮਜੀਤ ਅਨਮੋਲ ਦੇ ਮੁਕਾਬਲੇ ਹੰਸ ਰਾਜ ਹੰਸ ਨੂੰ ਮੈਦਾਨ ਵਿੱਚ ਉਤਾਰ ਸਕਦੀ ਹੈ ਭਾਜਪਾ

ਫ਼ਰੀਦਕੋਟ- ਭਾਜਪਾ ਨੇ ਫ਼ਰੀਦਕੋਟ ਲੋਕ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਕਰਮਜੀਤ ਅਨਮੋਲ ਨੂੰ ਸਿਆਸੀ ਟੱਕਰ ਦੇਣ ਲਈ ਹੰਸ ਰਾਜ ਹੰਸ ਨੂੰ ਇੱਥੋਂ ਉਮੀਦਵਾਰ ਐਲਾਨਣ ਦੀ ਤਿਆਰੀ ਸ਼ੁਰੂ ਕਰ ਦਿੱਤੀ ਹੈ। ਜੇ ਹੰਸ ਰਾਜ ਹੰਸ ਫਰੀਦਕੋਟ ਤੋਂ ਚੋਣ ਲੜਦੇ ਹਨ ਤਾਂ ਫਰੀਦਕੋਟ ਲੋਕ ਸਭਾ ਹਲਕੇ ਦਾ ਮੁਕਾਬਲੇ ਸਭ ਤੋਂ ਦਿਲਚਸਪ ਹੋਵੇਗਾ, ਕਿਉਂਕਿ ਮੁਹੰਮਦ ਸਦੀਕ ਨੇ ਵੀ ਕਾਂਗਰਸ ਪਾਰਟੀ ਕੋਲ ਫਰੀਦਕੋਟ ਲੋਕ ਸਭਾ ਹਲਕੇ ਤੋਂ ਚੋਣ ਲੜਣ ਦੀ ਇੱਛਾ ਪ੍ਰਗਟਾਈ ਹੈ ਅਤੇ ਉਹ



ਫਰੀਦਕੋਟ ਤੋਂ ਕਾਂਗਰਸ ਪਾਰਟੀ ਦੇ ਮੌਜੂਦਾ ਲੋਕ ਸਭਾ ਮੈਂਬਰ ਵੀ ਹਨ। ਭਾਰਤੀ ਜਨਤਾ ਪਾਰਟੀ ਕੋਲ ਫਰੀਦਕੋਟ ਲੋਕ ਸਭਾ ਹਲਕੇ ਲਈ ਸਥਾਨਕ ਉਮੀਦਵਾਰ ਨਹੀਂ ਹੈ, ਇਸ ਲਈ ਹੰਸ ਰਾਜ ਹੰਸ ਨੂੰ ਇੱਥੋਂ ਤਿਆਰ ਰਹਿਣ ਲਈ ਕਿਹਾ ਗਿਆ ਹੈ।




Punjab Times is Published by Punjab Times Trust, Bridle Gate Lane, Derby, DE24 0QW (U.K.) Tel: (01332) 372851. Editor M.S. Purewal. Registered as a newspaper with G.P.O.